SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6



ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post



JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON



To view our online newspaper visit punjabipost.ca/epaper | Vol 22* Issue 42 | Wednesday, March 01, 2023 | Tel: 905-793-2202 | Fax: 905-793-2282 | news@punjabipost.ca *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*


## ਭਾਰਤੀ ਮੂਲ ਦਾ 23 ਸਾਲਾ ਵਿਅਕਤੀ ਲਾਪਤਾ



ਬਰੈਂਪਟਨ, 28 ਫਰਵਰੀ (ਪੋਸਟ ਬਿਊਰੋ) : ਪੀਲ ਰੀਜਨਲ ਪੁਲਿਸ ਵੱਲੋਂ 23 ਸਾਲਾਂ ਦੇ ਲਾਪਤਾ ਵਿਅਕਤੀ ਦੀ ਭਾਲ ਕਰਨ ਵਿੱਚ ਜਨਤਾ ਤੋਂ ਮਦਦ ਮੰਗੀ ਜਾ ਰਹੀ ਹੈ। ਇਸ ਵਿਅਕਤੀ ਨੂੰ ਆਖਰੀ ਵਾਰੀ ਬਰੈਂਪਟਨ ਵਿੱਚ ਵੇਖਿਆ ਗਿਆ ਸੀ।

ਪੁਲਿਸ ਨੇ ਦੱਸਿਆ ਕਿ ਬਰੈਂਪਟਨ ਦੇ ਪਾਰਸ ਜੋਸ਼ੀ ਨੂੰ ਆਖਰੀ ਵਾਰੀ 23 ਫਰਵਰੀ ਨੂੰ 4:30 ਵਜੇ ਦੇ ਨੇੜੇ ਤੇੜੇ ਬਰੈਂਪਟਨ ਵਿੱਚ ਮੇਨ ਸਟਰੀਟ ਨੌਰਥ ਤੇ ਵਿਲੀਅਮਜ਼ ਪਾਰਕਵੇਅ ਨੇੜੇ ਵੇਖਿਆ ਗਿਆ ਸੀ। ਪੁਲਿਸ ਨੇ ਦੱਸਿਆ ਕਿ ਜੋਸ਼ੀ ਦਾ ਕੱਦ ਪੰਜ ਫੁੱਟ ਨੌਂ ਇੰਚ, ਵਜ਼ਨ 143 ਪਾਊਂਡ ਹੈ ਤੇ ਉਸ ਦੇ ਨਿੱਕੇ, ਕਾਲੇ ਤੇ ਸਿੱਧੇ ਵਾਲ ਹਨ ਤੇ ਉਸ ਨੇ ਦਾੜ੍ਹੀ-ਮੁੱਛ ਵੀ ਰੱਖੀ ਹੋਈ ਹੈ।

ਜੋਸ਼ੀ ਨੂੰ ਆਖਰੀ ਵਾਰੀ ਹਰੇ ਰੰਗ ਦੀ ਜੈਕੇਟ, ਗੂੜ੍ਹੀਆਂ ਨੀਲੀਆਂ ਪੈਂਟਸ, ਕਾਲੇ ਰੰਗ ਦੀ ਸ਼ਰਟ, ਕਾਲੇ ਜੁੱਤੇ ਤੇ ਕਾਲੇ ਦਸਤਾਨੇ ਪਾਇਆਂ ਵੇਖਿਆ ਗਿਆ। ਉਸ ਦਾ ਪਰਿਵਾਰ ਤੇ ਪੁਲਿਸ ਉਸ ਦੀ ਸਲਾਮਤੀ ਨੂੰ ਲੈ ਕੇ ਚਿੰਤਤ ਹਨ।

## ਪੀਅਰਸਨ ਏਅਰਪੋਰਟ ਉੱਤੇ ਸਿਸਟਮ ਨੂੰ ਠੀਕ ਕਰਨ ਲਈ ਨਵੇਂ ਮਾਪਦੰਡ ਅਪਣਾਵੇਗੀ ਏਅਰਪੋਰਟ ਅਥਾਰਟੀ



ਟੋਰਾਂਟੋ, 28 ਫਰਵਰੀ (ਪੋਸਟ ਬਿਊਰੋ) : ਕੈਨੇਡਾ ਦੀ ਸੱਭ ਤੋਂ ਵੱਡੀ ਏਅਰਪੋਰਟ ਅਥਾਰਟੀ ਨੇ ਸੋਮਵਾਰ ਨੂੰ ਆਖਿਆ ਕਿ ਉਹ ਬਹੁਤ ਜ਼ਿਆਦਾ ਰਸ਼ ਵਾਲੇ ਟਰੈਵਲ ਟਾਈਮ ਦੌਰਾਨ ਟੋਰਾਂਟੋ ਪੀਅਰਸਨ ਏਅਰਪੋਰਟ ਤੋਂ ਜਾਣ ਤੇ ਆਉਣ ਵਾਲੀਆਂ ਕਮਰਸ਼ੀਅਲ ਫਲਾਈਟਜ਼ ਦੀ ਗਿਣਤੀ ਸਖ਼ਤੀ ਨਾਲ ਤੈਅ ਕਰੇਗੀ।

ਸੋਮਵਾਰ ਨੂੰ ਜਾਰੀ ਕੀਤੇ ਗਏ ਇੱਕ ਬਿਆਨ ਵਿੱਚ ਗ੍ਰੇਟਰ ਟੋਰਾਂਟੋ ਏਅਰਪੋਰਟ ਅਥਾਰਟੀ (ਜੀਟੀਏਏ) ਨੇ ਆਖਿਆ ਕਿ ਮਾਰਚ ਦੀਆਂ ਛੁੱਟੀਆਂ ਤੇ ਸਮਰ ਸੀਜ਼ਨ ਦੌਰਾਨ ਉਨ੍ਹਾਂ ਵੱਲੋਂ ਇਸ ਸਬੰਧ ਵਿੱਚ ਸਖ਼ਤ ਫੈਸਲਾ ਲਿਆ ਜਾਵੇਗਾ। ਇਸ ਦੌਰਾਨ ਨਾ ਸਿਰਫ ਕਮਰਸ਼ੀਅਲ ਫਲਾਈਟਾਂ ਦੀ ਗਿਣਤੀ ਹੀ ਸੀਮਤ ਕੀਤੀ ਜਾਵੇਗੀ ਸਗੋਂ ਕੌਮਾਂਤਰੀ ਪੱਧਰ ਉੱਤੇ ਕੈਨੇਡਾ ਪਹੁੰਚਣ ਜਾਂ ਅਮਰੀਕਾ ਰਵਾਨਾ ਹੋਣ ਵਾਲੇ ਪੈਸੈਂਜਰਜ਼ ਲਈ ਵੀ ਗਿਣਤੀ ਤੈਅ ਕੀਤੀ ਜਾਵੇਗੀ। ਅਧਿਕਾਰੀਆਂ ਨੇ ਇਹ ਜਾਣਕਾਰੀ ਅਜੇ ਨਹੀਂ ਦਿੱਤੀ ਹੈ ਕਿ ਇਹ ਫੈਸਲਾ ਕਿਸ ਅਧਾਰ ਉੱਤੇ ਲਿਆ ਜਾਵੇਗਾ।

ਜ਼ਿਕਰਯੋਗ ਹੈ ਕਿ ਪਿਛਲੇ ਸਾਲ ਟੋਰਾਂਟੋ ਪੀਅਰਸਨ ਏਅਰਪੋਰਟ ਤੇ ਵਾਈ ਵਾਈ ਜ਼ੈੱਡ ਤੋਂ ਬਾਹਰ ਆਪਰੇਟ ਕਰਨ ਵਾਲੀਆਂ ਏਅਰਲਾਈਨਜ਼, ਨੂੰ ਆਪਰੇਸ਼ਨਲ ਪੱਧਰ ਉੱਤੇ ਕਈ ਤਰ੍ਹਾਂ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪਿਆ ਸੀ। ਇਸ ਦੌਰਾਨ ਕਈ ਲੋਕਾਂ ਦਾ ਸਮਾਨ ਗੁਆਚ ਗਿਆ ਸੀ ਤੇ ਕਈ ਫਲਾਈਟਸ ਰੱਦ ਵੀ ਹੋ ਗਈਆਂ ਸਨ। ਜੁਲਾਈ 2022 ਵਿੱਚ ਪੀਅਰਸਨ ਇੰਟਰਨੈਸ਼ਨਲ ਏਅਰਪੋਰਟ ਨੂੰ ਦੁਨੀਆਂ ਦੇ ਸੱਭ ਤੋਂ ਬਦਤਰ ਏਅਰਪੋਰਟ ਦਾ ਦਰਜਾ ਦਿੱਤਾ ਗਿਆ ਸੀ।

ਇਸ ਤੋਂ ਛੇ ਮਹੀਨੇ ਬਾਅਦ ਵੀ ਦਸੰਬਰ ਵਿੱਚ ਏਅਰਪੋਰਟ ਨੂੰ ਬੈਗੇਜ ਦੇ ਬੈਕਲਾਗ ਕਾਰਨ ਵੱਡੀ ਨੁਕਤਾਚੀਨੀ ਦਾ ਸਾਹਮਣਾ ਕਰਨਾ ਪਿਆ। ਸੈਂਕੜੇ ਟਰੈਵਲਰਜ਼ ਦੇ ਬੈਗ ਗੁਆਚ ਗਏ ਤੇ ਸਮਾਨ ਗੁੰਮ ਹੋ ਗਿਆ। ਤੂਫਾਨ ਕਾਰਨ ਕਈ ਫਲਾਈਟਸ ਵਿੱਚ ਵੀ ਅੜਿੱਕਾ ਪਿਆ, ਕਈ ਫਲਾਈਟਸ ਰੱਦ ਕਰਨੀਆਂ ਪਈਆਂ ਤੇ ਕਈਆਂ ਵਿੱਚ ਦੇਰ ਹੋਈ। ਇਸ ਵਾਰੀ ਸਿਸਟਮ ਨੂੰ ਠੀਕ ਕਰਨ ਲਈ ਏਅਰਪੋਰਟ ਵੱਲੋਂ ਆਰਟੀਫਿਸ਼ਲ ਇੰਟੈਲੀਜੈਂਸ ਦੀ ਵੀ ਮਦਦ ਲਈ ਜਾਵੇਗੀ।

## ਸਿਰ ਚੜ੍ਹੇ ਕਰਜ਼ੇ ਨੂੰ ਖ਼ਤਮ ਕਰਨ ਲਈ ਬ੍ਰਾਊਨ ਨੇ ਫੰਡਰੇਜ਼ਰ ਦੌਰਾਨ ਹਰ ਟਿਕਟ ਬਦਲੇ ਵਸੂਲੇ 1700 ਡਾਲਰ



ਓਟਵਾ, 28 ਫਰਵਰੀ (ਪੋਸਟ ਬਿਊਰੋ) : ਬਰੈਂਪਟਨ ਦੇ ਮੇਅਰ ਪੈਟ੍ਰਿਕ ਬ੍ਰਾਊਨ, ਫੈਡਰਲ ਕੰਜ਼ਰਵੇਟਿਵ ਲੀਡਰਸ਼ਿਪ ਦੌੜ ਦੌਰਾਨ ਆਪਣੇ ਸਿਰ ਚੜ੍ਹੇ ਕਰਜ਼ੇ ਨੂੰ ਉਤਾਰਨ ਲਈ ਕੰਮ ਕਰ ਰਹੇ ਹਨ। ਪਰ ਇਸ ਦੌਰਾਨ ਉਨ੍ਹਾਂ ਵੱਲੋਂ ਪਾਰਟੀ ਤੋਂ ਕਿਸੇ ਤਰ੍ਹਾਂ ਦੀ ਮਦਦ ਜਾਂ ਡੋਨਰਜ਼ ਲਈ ਟੈਕਸ ਰਸੀਦਾਂ ਜਾਰੀ ਕਰਨ ਦੀ ਕੋਈ ਕੋਸ਼ਿਸ਼ ਨਹੀਂ ਕੀਤੀ ਜਾ ਰਹੀ। ਜ਼ਿਕਰਯੋਗ ਹੈ ਕਿ ਪਿਛਲੇ ਸਾਲ ਲੀਡਰਸ਼ਿਪ ਦੌੜ ਸਬੰਧੀ ਨਿਯਮਾਂ ਅਤੇ ਕੈਨੇਡਾ ਇਲੈਕਸ਼ਨ ਐਕਟ ਦੀ ਕਥਿਤ ਤੌਰ ਉੱਤੇ ਉਲੰਘਣਾਂ ਕਰਨ ਦੇ ਮਾਮਲੇ ਵਿੱਚ ਕੈਨੇਡਾ ਦੀ ਕੰਜ਼ਰਵੇਟਿਵ ਪਾਰਟੀ ਵੱਲੋਂ ਬ੍ਰਾਊਨ ਨੂੰ ਇਸ ਦੌੜ ਵਿੱਚੋਂ ਬਾਹਰ ਕਰ ਦਿੱਤਾ ਗਿਆ ਸੀ। ਕਿਸੇ ਵੀ ਤਰ੍ਹਾਂ ਦੀ ਗੜਬੜ ਤੋਂ ਇਨਕਾਰ ਕਰਦੇ ਰਹੇ ਬ੍ਰਾਊਨ ਨੇ ਬਰੈਂਪਟਨ ਦੇ ਮੇਅਰ ਦੀ ਚੋਣ ਮੁੜ ਜਿੱਤ ਲਈ। ਪਰ ਆਪਣੀ ਕੈਂਪੇਨ ਦੌਰਾਨ ਸਿਰ ਚੜ੍ਹੇ ਕਰਜ਼ੇ ਨੂੰ ਉਤਾਰਨ ਲਈ ਬ੍ਰਾਊਨ ਵੱਲੋਂ ਪਿਛਲੇ ਹਫਤੇ ਗ੍ਰੇਟਰ ਟੋਰਾਂਟੋ ਏਰੀਆ ਵਿੱਚ ਫੰਡਰੇਜ਼ਰ ਕਰਵਾਇਆ ਗਿਆ ਜਿਸ ਲਈ 1700 ਡਾਲਰ ਪ੍ਰਤੀ ਟਿਕਟ ਚਾਰਜ ਕੀਤੇ ਗਏ।

ਬ੍ਰਾਊਨ ਦੀ ਕੈਂਪੇਨ ਦੇ ਮੈਨੇਜਰ ਜੌਹਨ ਮਿਕਿਤਿਸ਼ਿਨ ਨੇ ਆਖਿਆ ਕਿ ਡੋਨੇਸ਼ਨ ਇੱਕਠੀ ਕਰਨ ਲਈ ਉਨ੍ਹਾਂ ਦੀ ਟੀਮ ਵੱਲੋਂ ਉਨ੍ਹਾਂ ਦੇ ਸਰਕਾਰੀ ਏਜੰਟ ਦੇ ਨਾਂ ਉੱਤੇ ਐਕਾਊਂਟ ਕਾਇਮ ਕੀਤਾ ਗਿਆ। ਮਿਕਿਤਿਸ਼ਿਨ ਨੇ ਇਹ ਨਹੀਂ ਦੱਸਿਆ ਕਿ ਕੈਂਪੇਨ ਲਈ ਬ੍ਰਾਊਨ ਸਿਰ ਕਿੰਨਾਂ ਕਰਜ਼ਾ ਹੈ ਪਰ ਉਨ੍ਹਾਂ ਆਖਿਆ ਕਿ ਇਹ ਇੱਕ ਮਿਲੀਅਨ ਡਾਲਰ ਤੋਂ ਵੱਧ ਨਹੀਂ ਹੈ। ਇਸ ਦੌਰਾਨ ਇਲੈਕਸ਼ਨ ਕੈਨੇਡਾ ਦੇ ਇੱਕ ਬੁਲਾਰੇ ਨੇ ਆਖਿਆ ਕਿ ਬ੍ਰਾਊਨ ਨੂੰ ਆਪਣੀ ਫਾਈਨਲ ਕੈਂਪੇਨ ਰਿਟਰਨ 10 ਮਾਰਚ ਤੱਕ ਹਰ ਹਾਲ ਜਮ੍ਹਾਂ ਕਰਵਾਉਣੀ ਹੋਵੇਗੀ।

## ਚੋਰੀ ਦੀ ਗੱਡੀ ਵਿੱਚੋਂ ਭਰੀ ਹੋਈ ਹੈਂਡਗੰਨ ਮਿਲੀ, ਦੋ ਗ੍ਰਿਫਤਾਰ



ਵਾਅਨ, 28 ਫਰਵਰੀ (ਪੋਸਟ ਬਿਊਰੋ) : ਵਾਅਨ ਵਿੱਚ ਇੱਕ ਟਰੈਫਿਕ ਸਟੌਪ ਦੌਰਾਨ ਚੋਰੀ ਦੀ ਗੱਡੀ ਵਿੱਚੋਂ ਭਰੀ ਹੋਈ ਹੈਂਡਗੰਨ ਮਿਲਣ ਤੋਂ ਬਾਅਦ 16 ਸਾਲਾ ਲੜਕੀ ਸਮੇਤ ਦੋ ਵਿਅਕਤੀਆਂ ਨੂੰ ਯੌਰਕ ਰੀਜਨ ਵਿੱਚ ਪੁਲਿਸ ਵੱਲੋਂ ਗ੍ਰਿਫਤਾਰ ਕਰ ਲਿਆ ਗਿਆ। ਪੁਲਿਸ ਨੇ ਦੱਸਿਆ ਕਿ 24 ਫਰਵਰੀ ਨੂੰ ਇੱਕ ਸ਼ੱਕੀ ਵ੍ਹੀਕਲ ਦੀਆਂ ਰਿਪੋਰਟਾਂ ਮਿਲਣ ਤੋਂ ਬਾਅਦ ਉਹ ਤੜਕੇ 2:45 ਉੱਤੇ ਉਨ੍ਹਾਂ ਹਾਈਵੇਅ 27 ਤੇ ਨੈਸ਼ਵਿੱਲ ਰੋਡ ਨੇੜੇ ਸੇਡਾਰ ਗਲੈਨ ਕੋਰਟ ਤੇ ਫੌਰੈਸਟ ਹਾਈਟਸ ਬੁਲੇਵਾਰਡ ਇਲਾਕੇ ਵਿੱਚ ਪਹੁੰਚੇ। ਇਸ ਦੌਰਾਨ ਪੁਲਿਸ ਨੂੰ ਜਿਹੜੀ ਗੱਡੀ ਮਿਲੀ ਉਹ ਚੋਰੀ ਦੀ ਨਿਕਲੀ। ਉਸ ਨੂੰ ਟੋਰਾਂਟੋ ਤੋਂ ਚੋਰੀ ਕੀਤਾ ਗਿਆ ਸੀ ਤੇ ਉਸ ਵਿੱਚ ਦੋ ਵਿਅਕਤੀ ਸਵਾਰ ਸਨ।

ਪੁਲਿਸ ਨੇ ਦੱਸਿਆ ਕਿ 27 ਸਾਲਾ ਡਰਾਈਵਰ ਨੇ ਮੌਕੇ ਤੋਂ ਭੱਜਣ ਦੀ ਕੋਸ਼ਿਸ਼ ਕੀਤੀ ਪਰ ਪੁਲਿਸ ਨੇ ਉਸ ਨੂੰ ਗ੍ਰਿਫਤਾਰ ਕਰ ਲਿਆ ਤੇ ਉਸ ਨਾਲ ਗੱਡੀ ਵਿੱਚ ਮੌਜੂਦ 16 ਸਾਲਾ ਲੜਕੀ ਨੂੰ ਵੀ ਗ੍ਰਿਫਤਾਰ ਕਰ ਲਿਆ ਗਿਆ। ਗੱਡੀ ਵਿੱਚੋਂ ਪੁਲਿਸ ਨੂੰ ਭਰੀ ਹੋਈ ਗੰਨ ਵੀ ਮਿਲੀ। ਬਰੈਂਪਟਨ ਦੇ ਸ਼ੇਨ ਫੈਲਿਕਸ ਤੇ ਵਾਅਨ ਦੀ ਟੀਨੇਜਰ ਖਿਲਾਫ 12 ਚਾਰਜਿਜ਼ ਲਾਏ ਗਏ ਹਨ।


NOW HIRING !!!
ALLKIND INSURANCE
• Life Insurance • Critical illness Ins • Travel & Visitor Ins • RESP & TFSA & RRSP
• Super Visa Insurance • Mortgage Insurance • Disability Insurance • Funeral Insurance
SIMRAN SAINI 416.994.7272
www.allkindinsurance.com

ਨੈਨੀ ਦੀ ਲੋੜ
ਬਰੈਂਪਟਨ ਵਿਚ ਘਰ ਦਾ ਕੰਮ ਕਰਨ ਲਈ ਨੈਨੀ ਦੀ ਲੋੜ ਹੈ। ਸੰਪਰਕ ਕਰੋ:
416-556-6884

INSURANCE
Home, Auto, Business, Trucking, Life Insurance, Commercial
647-206-2452 Sukhwinder K Singh
CONNEX 7050A Bramalea Rd, Unit # 13, Mississauga, ON L5S 1T1

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
RANJIT GILL Insurance Advisor 416-724-5000
Disability Insurance · Mortgage Insurance · Life Insurance · Visitor & Travel Insurance · RESP (Education Plan) · Critical Illness Insurance

GURBIR CHAHAL Sales Representative
416.566.7605
gurbir.chahal@yahoo.com
ROYAL LEPAGE Flower City Realty Off: 905.230.3100

ਰੈਸਟੋਰੈਂਟ ਪੈਟਿਓ ਫੂਡ ਕਾਊਂਟਰ
Gerrard India Bazar, Toronto
ਗਰਮੀਆਂ ਦੇ ਵਿੱਚ ਪਰਾਫਿਟ ਲਈ ਸੁਨਹਿਰਾ ਮੌਕਾ
1 ਮਈ ਤੋਂ 31 ਅਕਤੂਬਰ ਤੱਕ ਕਾਂਟਰੈਕਟ ਜਾਂ ਲੀਜ਼ ਕਰੋ:
call kumar: 437-925-4585
or email: startup2023abusiness@gmail.com

PEST PROBLEM ? Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc. Residential, Commercial www.ksgpestcontrol.ca ksgpestcontrol@gmail.com
Amarjeet Singh Gill Certified & Licenced Exterminator

OURR HOME & APPLIANCES
DEALS
SPRING DEALS ON LUXURY APPLIANCES
Early Spring Deals
$1699* $199 $2999* $299 $4699* $2999*
Authorized Dealer for ALL MAJOR BRANDS
HURRY NOW
KitchenAid Moffat Maytag LG Electrolux JennAir GE Amana Bosch Whirlpool Samsung Frigidaire Capital
UNIT #1, 241 CLARENCE ST BRAMPTON, ON L6W 3E7 (416) 551 3343 | 44 FASKEN DR. #2-9 ETOBICKOKE, ON M9W 5M8 (416) 792-0877 | UNIT #6 410 LEWIS RD, STONEY CREEK, ON L8E 5Y7 (905) 643 0818 | UNIT #4 -1540 FANSHAWE PARK ROAD WEST LONDON, ON N6H 5L8 (519) 641-1010 | 5781 HIGHWAY 7 UNIT 10, VAUGHAN, ON L4L 1T8 (416) 477 5556 | 1050 SPEERS ROAD, OAKVILLE, ON, L6L 2X4 (416) 613 0555
416-551-5553 WWW.OURRHOMEAPPLIANCES.COM

AUTO & HOME INSURANCE
Super visa Insurance · Life & Disability · Critical illness · RESP · Visitor & Travel insurance
(416-845-1352) Manwinder Mangat
Axael InsuranceBrokers Ltd. 1332 Khalsa Dr, Unit # 11, Mississauga, ON L5S 0A2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6 Brampton, ON, L6P 3W4
Open Saturday
Providing excellent quality legal services to our clients

HELPING YOU PLAN TODAY...FOR TOMORROW
• Supervisa / Visitor Insurance • Life /Mortgage/Funeral Insurance • Disability Insurance • Critical Illness Insurance • RESP /RRSP
JATINDERBIR S BAJWA Insurance Broker www.ufsinsurance.com
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration · Real Estate · Family Law · Business Closing · Corporate · Wills & Estate · Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜ਼ਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley 905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
• Mouse & Rats • Spiders & Fleas • Bedbugs • Wasps • Cockroaches • Carpenter Ants • Silver Fish • Racoons
Call : PARESH PATEL (Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ? • ਗਾਰਨਿਸ਼ਮੈਂਟ? • ਬੈਂਕ ਵਲੋਂ ਪੈਸੇ ਦੀ ਮੰਗ ? • ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

CN Forklift Training Center
Counterbalance · Walkie pallet · Electric Motor · Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001 NC Dhawan Certified Instructor

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਉਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਫਰੀ ਪਿਕਅਪ
Best Rates For Lessons
ਲੇਡੀ ਇੰਸਟਰਕਟਰ
647-998-7500 ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Brokerage Lic.12538
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law • Wills & Estates • Family Law • Power of Attorney • Civil Litigation • Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333 www.mannlawfirm.ca

# ਰੈਸਟੋਰੈਂਟ ਵਿੱਚ ਲੱਗੀ ਅੱਗ ਨੂੰ ਅਗਜ਼ਨੀ ਮੰਨ ਕੇ ਜਾਂਚ ਕਰ ਰਹੀ ਹੈ ਪੁਲਿਸ



ਟੋਰਾਂਟੋ, 28 ਫਰਵਰੀ (ਪੋਸਟ ਬਿਊਰੋ) : ਡਾਊਨਟਾਊਨ ਟੋਰਾਂਟੋ ਦੇ ਇੱਕ ਰੈਸਟੋਰੈਂਟ ਵਿੱਚ ਤੜਕੇ ਲੱਗੀ ਅੱਗ ਦੇ ਮਾਮਲੇ ਨੂੰ ਅਗਜ਼ਨੀ ਦੀ ਘਟਨਾ ਮੰਨ ਕੇ ਪੁਲਿਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ।

ਸੋਮਵਾਰ ਨੂੰ ਸਵੇਰੇ 4:00 ਵਜੇ ਤੋਂ ਬਾਅਦ ਕਿੰਗ ਦੇ ਉੱਤਰ ਵੱਲ ਬ੍ਰੈਂਟ ਸਟਰੀਟ ਉੱਤੇ ਤਿੰਨ ਮੰਜ਼ਿਲਾ ਕਮਰਸ਼ੀਅਲ ਬਿਲਡਿੰਗ ਵਿੱਚ ਲੱਗੀ ਜ਼ਬਰਦਸਤ ਅੱਗ ਦੀ ਜਾਣਕਾਰੀ ਮਿਲਣ ਤੋਂ ਬਾਅਦ ਐਮਰਜੰਸੀ ਅਮਲਾ ਮੌਕੇ ਉੱਤੇ ਪਹੁੰਚਿਆ। ਫਾਇਰਫਾਈਟਰਜ਼ ਨੂੰ ਸੰਘਣੇ ਧੂੰਏਂ ਦਾ ਸਾਹਮਣਾ ਕਰਨਾ ਪਿਆ ਤੇ ਪਹਿਲੀ ਮੰਜ਼ਿਲ ਉੱਤੇ ਸਥਿਤ ਰੈਸਟੋਰੈਂਟ ਦੇ ਵਿਹੜੇ ਵਿੱਚ ਉਨ੍ਹਾਂ ਨੂੰ ਅੱਗ ਦੀਆਂ ਲਪਟਾਂ ਉੱਠਦੀਆਂ ਮਿਲੀਆਂ। ਜਾਂਚਕਾਰਾਂ ਦਾ ਮੰਨਣਾ ਹੈ ਕਿ ਅੱਗ ਰੈਸਟੋਰੈਂਟ ਦੇ ਵਿਹੜੇ ਤੋਂ ਸ਼ੁਰੂ ਹੋ ਕੇ ਪਹਿਲੀ ਤੇ ਦੂਜੀ ਮੰਜ਼ਿਲ ਉੱਤੇ ਫੈਲ ਗਈ।

ਫਾਇਰਫਾਈਟਰਜ਼ ਦੇ ਪਹੁੰਚਣ ਤੋਂ ਕੁੱਝ ਸਮੇਂ ਬਾਅਦ ਹੀ ਅੱਗ ਉੱਤੇ ਕਾਬੂ ਪਾ ਲਿਆ ਗਿਆ। ਇਸ ਘਟਨਾ ਵਿੱਚ ਕਿਸੇ ਦੇ ਜ਼ਖ਼ਮੀ ਹੋਣ ਦੀ ਖਬਰ ਨਹੀਂ ਹੈ ਤੇ ਨਾਲ ਲੱਗਦੀਆਂ ਇਮਾਰਤਾਂ ਨੂੰ ਵੀ ਕੋਈ ਨੁਕਸਾਨ ਨਹੀਂ ਪਹੁੰਚਿਆ ਹੈ। ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਸ਼ੱਕ ਹੈ ਕਿ ਇਹ ਅਗਜ਼ਨੀ ਦਾ ਮਾਮਲਾ ਹੈ ਕਿਉਂਕਿ ਮੌਕੇ ਤੋਂ ਗੈਸ ਕੈਨ ਵੀ ਬਰਾਮਦ ਹੋਇਆ ਹੈ। ਜਾਂਚ ਲਈ ਐਡੀਲੇਡ ਸਟਰੀਟ ਨੂੰ ਬ੍ਰੈਂਟ ਤੋਂ ਸਪੈਡਿਨਾ ਐਵਨਿਊ ਤੱਕ ਬੰਦ ਕਰ ਦਿੱਤਾ ਗਿਆ ਹੈ ਤੇ ਬ੍ਰੈਂਟ ਨੂੰ ਐਡੀਲੇਡ ਤੋਂ ਕਿੰਗ ਸਟਰੀਟ ਤੱਕ ਬੰਦ ਕੀਤਾ ਗਿਆ ਹੈ।

# ਬਾਥਰਸਟ ਤੇ ਕਿੰਗ ਉੱਤੇ ਹੋਈ ਸ਼ੂਟਿੰਗ ਵਿੱਚ ਇੱਕ ਗੰਭੀਰ ਜ਼ਖ਼ਮੀ




ਟੋਰਾਂਟੋ, 28 ਫਰਵਰੀ (ਪੋਸਟ ਬਿਊਰੋ) : ਮੰਗਲਵਾਰ ਸ਼ਾਮ ਨੂੰ ਬਾਥਰਸਟ ਤੇ ਕਿੰਗ ਸਟਰੀਟਸ ਨੇੜੇ ਵਾਪਰੀ ਗੋਲੀ ਚੱਲਣ ਦੀ ਘਟਨਾ ਵਿੱਚ ਇੱਕ 27 ਸਾਲਾ ਵਿਅਕਤੀ ਜ਼ਖ਼ਮੀ ਹੋ ਗਿਆ, ਜਿਸ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ।

ਸ਼ੂਟਿੰਗ ਦੀਆਂ ਖਬਰਾਂ ਮਿਲਣ ਤੋਂ ਬਾਅਦ ਸ਼ਾਮੀਂ 5:15 ਉੱਤੇ ਟੋਰਾਂਟੋ ਪੁਲਿਸ ਨੂੰ ਕਿੰਗ ਦੇ ਦੱਖਣ ਵੱਲ ਬਾਥਰਸਟ ਤੇ ਸਟੀਵਾਰਟ ਸਟਰੀਟ ਉੱਤੇ ਸੱਦਿਆ ਗਿਆ। ਇੱਕ ਵਿਅਕਤੀ ਨੂੰ ਢਿੱਡ ਵਿੱਚ ਗੋਲੀ ਲੱਗਣ ਕਾਰਨ ਐਮਰਜੰਸੀ ਰੰਨ ਰਾਹੀਂ ਹਸਪਤਾਲ ਲਿਜਾਇਆ ਗਿਆ। ਪੁਲਿਸ ਅਜੇ ਇਹ ਪਤਾ ਨਹੀਂ ਲਗਾ ਸਕੀ ਹੈ ਕਿ ਸ਼ੂਟਿੰਗ ਅਸਲ ਵਿੱਚ ਕਿਹੜੀ ਥਾਂ ਉੱਤੇ ਹੋਈ।

ਡਿਊਟੀ ਇੰਸਪੈਕਟਰ ਜੇਸਨ ਐਲਬਾਨੀਜ਼ ਨੇ ਮੰਗਲਵਾਰ ਰਾਤ ਨੂੰ ਦਿੱਤੀ ਅਪਡੇਟ ਵਿੱਚ ਆਖਿਆ ਕਿ ਸਾਡੇ ਕੋਲ ਮਸ਼ਕੂਕ ਬਾਰੇ ਵੀ ਕੋਈ ਜਾਣਕਾਰੀ ਹਾਲ ਦੀ ਘੜੀ ਨਹੀਂ ਹੈ। ਉਨ੍ਹਾਂ ਦੱਸਿਆ ਕਿ ਜਾਂਚਕਾਰਾਂ ਵੱਲੋਂ ਇਲਾਕੇ ਦੀ ਪੂਰੀ ਛਾਣਬੀਣ ਕੀਤੀ ਜਾ ਰਹੀ ਹੈ।

## ਅੱਜ ਨਾਮਾ >>

ਉਤਲੀ ਅਦਾਲਤੋਂ ਆ ਗਿਆ ਹੁਕਮ ਵੱਡਾ,
ਗਈ ਗਵਰਨਰ ਦੀ ਕੱਟੀ ਆ ਗੱਲ ਮੀਆਂ।
ਪੁਚਾਵੇ ਸਰਕਾਰ ਸਭ ਚਾਹੀਦੀ ਜਾਣਕਾਰੀ,
ਘੱਲਣੀ ਚਿੱਠੀ ਤਾਂ ਦੋਵੇਂ ਲੈਣ ਘੱਲ ਮੀਆਂ।
ਬੱਜਟ ਸੈਸ਼ਨ ਦੇ ਮੂਹਰੇ ਨਾ ਰੋਕ ਲਾਉਣੀ,
ਬੱਜਟ ਬਾਝ ਨਹੀਂ ਹੋਰ ਕੋਈ ਹੱਲ ਮੀਆਂ।
ਕਰਦੀ ਅੜੀਆਂ ਸਰਕਾਰ ਨਹੀਂ ਰਹੇ ਵਾਧੂ,
ਕੋਈ ਨਹੀਂ ਲਾਹੇਗਾ ਵਾਲ਼ ਦੀ ਖੱਲ ਮੀਆਂ।
ਝਟਕਾ ਤਕੜਾ ਗਵਰਨਰ ਨੂੰ ਬਹੁਤ ਲੱਗਾ,
ਖਿੱਚੀ ਸਰਕਾਰ ਦੀ ਗਈ ਆ ਵਾਗ ਮੀਆਂ।
ਚਾਹੁੰਦੇ ਈ ਲੋਕੀਂ ਪੰਜਾਬ ਦੇ ਹੱਲ ਮਸਲਾ,
ਭਾਂਡੇ ਖੜਕਣ ਦੇ ਚਾਹੁਣ ਨਾ ਰਾਗ ਮੀਆਂ।

**ਤੀਸ ਮਾਰ ਖਾਂ**

# ਇਮਰਾਨ ਖਾਨ ’ਤੇ ਫਿਰ ਲਟਕੀ ਗ੍ਰਿਫਤਾਰੀ ਦੀ ਤਲਵਾਰ, ਗੈਰ ਜ਼ਮਾਨਤੀ ਵਾਰੰਟ ਜਾਰੀ



ਇਸਲਾਮਾਬਾਦ, 28 ਫਰਵਰੀ (ਪੋਸਟ ਬਿਊਰੋ): ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦੀਆਂ ਮੁਸ਼ਕਿਲਾਂ ਘੱਟ ਹੋਣ ਦਾ ਨਾਮ ਨਹੀਂ ਲੈ ਰਹੀਆਂ ਹਨ। ਮੰਗਲਵਾਰ ਨੂੰ ਇਮਰਾਨ ਨੂੰ ਕਈ ਮਾਮਲਿਆਂ 'ਚ ਪੇਸ਼ ਕੀਤਾ ਗਿਆ, ਵੱਖ-ਵੱਖ ਅਦਾਲਤਾਂ 'ਚ ਸੁਣਵਾਈ ਹੋਈ। ਕਈ ਥਾਵਾਂ ਤੋਂ ਉਸ ਨੂੰ ਰਾਹਤ ਮਿਲੀ ਪਰ ਤੋਸ਼ਾਖਾਨਾ ਮਾਮਲੇ ਵਿਚ ਉਸ 'ਤੇ ਗ੍ਰਿਫ਼ਤਾਰੀ ਦੀ ਤਲਵਾਰ ਲਟਕ ਰਹੀ ਹੈ। ਅਦਾਲਤ ਨੇ ਇਮਰਾਨ ਖਿਲਾਫ ਗੈਰ-ਜ਼ਮਾਨਤੀ ਵਾਰੰਟ ਜਾਰੀ ਕੀਤਾ ਹੈ, ਉਸ ਦੀ ਗ੍ਰਿਫਤਾਰੀ ਕਿਸੇ ਵੀ ਸਮੇਂ ਸੰਭਵ ਹੈ। ਦਰਅਸਲ ਮੰਗਲਵਾਰ ਨੂੰ ਇਮਰਾਨ ਖਾਨ ਨੂੰ ਚਾਰ ਵੱਖ-ਵੱਖ ਮਾਮਲਿਆਂ 'ਚ ਪੇਸ਼ ਹੋਣਾ ਸੀ। ਉਹ ਹੋਰ ਥਾਵਾਂ ’ਤੇ ਪੇਸ਼ੀ ਲਈ ਪੁੱਜੇ, ਪਰ ਤੋਸ਼ਾਖਾਨਾ ਕੇਸ ਦੌਰਾਨ ਪੇਸ਼ੀ ’ਤੇ ਹਾਜ਼ਰ ਨਹੀਂ ਹੋਏ।

ਇਸ ਮਾਮਲੇ 'ਚ ਇਮਰਾਨ ਪਹਿਲਾਂ ਅਦਾਲਤ ਦੀ ਸੁਣਵਾਈ 'ਚ ਹਾਜ਼ਰ ਨਹੀਂ ਹੋਏ ਹਨ। ਇਸ ਕਾਰਨ ਅਦਾਲਤ ਇਸ ਵਾਰ ਨਾਰਾਜ਼ ਹੋ ਗਈ ਅਤੇ ਇਮਰਾਨ ਖ਼ਾਨ ਖ਼ਿਲਾਫ਼ ਗ਼ੈਰ-ਜ਼ਮਾਨਤੀ ਵਾਰੰਟ ਜਾਰੀ ਕੀਤਾ ਗਿਆ। ਵੈਸੇ, ਮੰਗਲਵਾਰ ਇਮਰਾਨ ਲਈ ਚੰਗੀ ਖ਼ਬਰ ਅਤੇ ਸਦਮਾ ਦੋਵੇਂ ਲੈ ਕੇ ਆਇਆ ਹੈ। ਇਮਰਾਨ ਨੂੰ ਵਿਦੇਸ਼ੀ ਫੰਡਿੰਗ ਕੇਸ ਵਿੱਚ ਪੇਸ਼ ਹੋਣਾ ਸੀ, ਇੱਕ ਅੱਤਵਾਦ ਨਾਲ ਸਬੰਧਤ ਕੇਸ ਵਿੱਚ ਪੇਸ਼ ਹੋਣਾ ਸੀ, ਕਤਲ ਦੀ ਕੋਸ਼ਿਸ਼ ਦੇ ਕੇਸ ਵਿੱਚ ਪੇਸ਼ ਹੋਣਾ ਸੀ ਅਤੇ ਤੋਸ਼ਖਾਨੇ ਕੇਸ ਵਿੱਚ ਆਪਣੀ ਮੌਜੂਦਗੀ ਨੂੰ ਚਿੰਨ੍ਹਿਤ ਕਰਨਾ ਸੀ। ਪੀਟੀਆਈ ਮੁਖੀ ਨੂੰ ਅੱਤਵਾਦ ਮਾਮਲੇ 'ਚ ਰਾਹਤ ਮਿਲੀ, ਉਨ੍ਹਾਂ ਦੀ ਜ਼ਮਾਨਤ ਪਟੀਸ਼ਨ ਵੀ ਮਨਜ਼ੂਰ ਕਰ ਲਈ ਗਈ। ਇਸੇ ਤਰ੍ਹਾਂ ਵਿਦੇਸ਼ੀ ਫੰਡਿੰਗ ਮਾਮਲੇ 'ਚ ਇਮਰਾਨ ਦੀ ਜ਼ਮਾਨਤ ਪਟੀਸ਼ਨ ਵੀ ਮਨਜ਼ੂਰ ਕਰ ਲਈ ਗਈ ਹੈ। ਪਰ ਤੋਸ਼ਾਖਾਨਾ ਕੇਸ ਨੇ ਉਸ ਦੀਆਂ ਮੁਸੀਬਤਾਂ ਹੋਰ ਵਧਾ ਦਿੱਤੀਆਂ।

ਸੁਣਵਾਈ ਦੌਰਾਨ ਇਮਰਾਨ ਦੇ ਵਕੀਲਾਂ ਨੇ ਇਹ ਦਲੀਲ ਦੇਣ ਦੀ ਕੋਸ਼ਿਸ਼ ਕੀਤੀ ਕਿ ਉਸ ਨੂੰ ਕਈ ਹੋਰ ਮਾਮਲਿਆਂ 'ਚ ਮੰਗਲਵਾਰ ਨੂੰ ਪੇਸ਼ ਹੋਣਾ ਹੈ। ਪਰ ਅਦਾਲਤ ਨੇ ਇਸ ਦਲੀਲ ਨੂੰ ਸਵੀਕਾਰ ਨਹੀਂ ਕੀਤਾ। ਸਖ਼ਤ ਲਹਿਜੇ ਵਿੱਚ ਕਿਹਾ ਗਿਆ ਕਿ ਜਦੋਂ ਇਮਰਾਨ ਕਿਸੇ ਹੋਰ ਅਦਾਲਤ ਵਿੱਚ ਪੇਸ਼ ਹੋ ਸਕਦਾ ਹੈ ਤਾਂ ਉਸ ਨੂੰ ਇਸ ਕੇਸ ਲਈ ਵੀ ਪੇਸ਼ ਹੋਣਾ ਪਵੇਗਾ। ਫਿਲਹਾਲ ਇਸ ਮਾਮਲੇ 'ਚ ਉਸ ਦੇ ਖਿਲਾਫ ਗੈਰ-ਜ਼ਮਾਨਤੀ ਵਾਰੰਟ ਜਾਰੀ ਕੀਤਾ ਗਿਆ ਹੈ।





















# ਅਸੀਂ 26797 ਸਰਕਾਰੀ ਨੌਕਰੀਆਂ ਦੇ ਕੇ ਨੌਜਵਾਨਾਂ ਨੂੰ ਕਮਾਊ ਬਣਾਇਆ : ਮੁੱਖ ਮੰਤਰੀ

ਚੰਡੀਗੜ੍ਹ, 28 ਫਰਵਰੀ (ਪੋਸਟ ਬਿਊਰੋ): ਸੂਬੇ ਦੇ ਨੌਜਵਾਨਾਂ ਨੂੰ ਸੇਧਹੀਣ ਕਰਨ ਲਈ ਪਿਛਲੀਆਂ ਸਰਕਾਰਾਂ ਦੀ ਆਲੋਚਨਾ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਮੰਗਲਵਾਰ ਨੂੰ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ 26,797 ਤੋਂ ਵੱਧ ਨਿਯੁਕਤੀ ਪੱਤਰ ਦੇ ਕੇ ਨੌਜਵਾਨਾਂ ਨੂੰ ਕਮਾਊ ਬਣਾਇਆ ਹੈ ਤਾਂ ਕਿ ਉਨ੍ਹਾਂ ਨੂੰ ਸੂਬੇ ਦੀ ਸਮਾਜਿਕ-ਆਰਥਿਕ ਤਰੱਕੀ ਵਿੱਚ ਸਰਗਰਮ ਭਾਈਵਾਲ ਬਣਾਇਆ ਜਾਵੇ।



ਨਵੇਂ ਭਰਤੀ ਹੋਏ ਵੈਟਰਨਰੀ ਅਫ਼ਸਰਾਂ ਨੂੰ ਨਿਯੁਕਤੀ ਪੱਤਰ ਸੌਂਪਦਿਆਂ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਸਮੁੱਚੀ ਭਰਤੀ ਪ੍ਰਕਿਰਿਆ ਨਿਰੋਲ ਮੈਰਿਟ ਦੇ ਆਧਾਰ ਉਤੇ ਪਾਰਦਰਸ਼ੀ ਤਰੀਕੇ ਨਾਲ ਨੇਪਰੇ ਚੜ੍ਹੀ ਹੈ। ਉਨ੍ਹਾਂ ਕਿਹਾ ਕਿ ਹੁਣ ਇਹ ਨੌਜਵਾਨ ਸਰਕਾਰ ਦੇ ਅਨਿੱਖੜ ਅੰਗ ਬਣ ਗਏ ਹਨ ਅਤੇ ਹੁਣ ਤੋਂ ਉਨ੍ਹਾਂ ਨੂੰ ਮਿਸ਼ਨਰੀ ਉਤਸ਼ਾਹ ਨਾਲ ਲੋਕਾਂ ਦੀ ਸੇਵਾ ਕਰਨੀ ਚਾਹੀਦੀ ਹੈ। ਭਗਵੰਤ ਮਾਨ ਨੇ ਕਿਹਾ ਕਿ ਸਿਰਫ਼ 11 ਮਹੀਨਿਆਂ ਦੌਰਾਨ ਇੰਨੀ ਵੱਡੀ ਗਿਣਤੀ ਵਿੱਚ ਨੌਕਰੀਆਂ ਦੇਣ ਤੋਂ ਸੂਬਾ ਸਰਕਾਰ ਦੀ ਵਚਨਬੱਧਤਾ ਦਾ ਪਤਾ ਚੱਲਦਾ ਹੈ ਕਿ ਨੌਜਵਾਨਾਂ ਦੀ ਭਲਾਈ ਯਕੀਨੀ ਬਣਾਉਣ ਅਤੇ ਉਨ੍ਹਾਂ ਲਈ ਰੋਜ਼ਗਾਰ ਦੇ ਨਵੇਂ ਦਿਸਹੱਦੇ ਖੋਲ੍ਹਣ ਲਈ ਸਰਕਾਰ ਕਿੰਨੀ ਸੰਜੀਦਾ ਹੈ।

ਮੁੱਖ ਮੰਤਰੀ ਨੇ ਨੌਜਵਾਨਾਂ ਨੂੰ ਪੈਰਾਸ਼ੂਟਰ ਦੀ ਥਾਂ ਜ਼ਮੀਨ ਨਾਲ ਜੁੜੇ ਰਹਿਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਜ਼ਮੀਨ ਨਾਲ ਜੁੜਿਆ ਵਿਅਕਤੀ ਜ਼ਮੀਨ ਤੋਂ ਉੱਠ ਕੇ ਅਰਸ਼ ਫਤਹਿ ਕਰ ਸਕਦਾ ਹੈ ਅਤੇ ਇਨ੍ਹਾਂ ਮਿਹਨਤੀ ਲੋਕਾਂ ਦੀ ਹੱਦ ਆਸਮਾਨ ਹੀ ਹੁੰਦਾ ਹੈ। ਇਸ ਦੇ ਉਲਟ ਪੈਰਾਸ਼ੂਟਰ ਆਸਮਾਨ ਤੋਂ ਆਉਂਦੇ ਹਨ ਅਤੇ ਉਨ੍ਹਾਂ ਕਦੇ ਨਾ ਕਦੇ ਜ਼ਮੀਨ ਉਤੇ ਡਿੱਗਣਾ ਹੁੰਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦਾ ਇਕੋ-ਇਕ ਮੰਤਵ ਨੌਜਵਾਨਾਂ ਦੀ ਅਥਾਹ ਸ਼ਕਤੀ ਨੂੰ ਉਸਾਰੂ ਪਾਸੇ ਲਾਉਣਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਦੇਸ਼ ਦਾ ਨੰਬਰ ਇਕ ਸੂਬਾ ਬਣਾਉਣ ਦੇ ਟੀਚੇ ਦੀ ਪੂਰਤੀ ਲਈ ਇਹ ਸਮੇਂ ਦੀ ਮੁੱਖ ਲੋੜ ਹੈ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਸੂਬੇ ਦੀ ਪੁਰਾਤਨ ਸ਼ਾਨ ਬਹਾਲ ਕਰਨ ਲਈ ਭਵਿੱਖਮੁਖੀ ਯੋਜਨਾ ਬਣਾ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਠੇਕੇ ਉਤੇ ਕੰਮ ਕਰਦੇ 14 ਹਜ਼ਾਰ ਕਰਮਚਾਰੀਆਂ ਦੀਆਂ ਸੇਵਾਵਾਂ ਨੂੰ ਰੈਗੂਲਰ ਕਰ ਦਿੱਤਾ ਹੈ ਅਤੇ ਕੈਬਨਿਟ ਨੇ ਇੰਨੀ ਗਿਣਤੀ ਵਿੱਚ ਹੀ ਹੋਰ ਮੁਲਾਜ਼ਮਾਂ ਦੀਆਂ ਸੇਵਾਵਾਂ ਰੈਗੂਲਰ ਕਰਨ ਦੀ ਮਨਜ਼ੂਰੀ ਦੇ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲਾਂ ਮੌਕਾ ਹੈ ਕਿ ਪੰਜਾਬ ਪੁਲਿਸ ਨੇ 2100 ਆਸਾਮੀਆਂ ਦੀ ਭਰਤੀ ਕੱਢੀ ਹੈ ਅਤੇ ਇਹ ਫੈਸਲਾ ਕੀਤਾ ਗਿਆ ਹੈ ਕਿ ਆਉਣ ਵਾਲੇ ਚਾਰ ਸਾਲਾਂ ਦੌਰਾਨ ਸਿਪਾਹੀ ਦੀਆਂ 1800 ਅਤੇ ਸਬ-ਇੰਸਪੈਕਟਰਾਂ 300 ਆਸਾਮੀਆਂ ਹਰ ਸਾਲ ਭਰੀਆਂ ਜਾਣਗੀਆਂ। ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ ਲਈ ਸਨਅਤੀ ਵਿਕਾਸ ਨੂੰ ਤੇਜ਼ ਕਰਨ ਵੱਲ ਵੱਧ ਧਿਆਨ ਦੇ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਛੇਤੀ ਹੀ 'ਸਰਕਾਰ ਤੁਹਾਡੇ ਦੁਆਰ' ਪ੍ਰੋਗਰਾਮ ਦੀ ਸ਼ੁਰੂਆਤ ਕਰਨ ਉਤੇ ਵਿਚਾਰ ਕਰ ਰਹੀ ਹੈ, ਜਿਸ ਤਹਿਤ ਪੰਜਾਬ ਵਾਸੀਆਂ ਨੂੰ 40 ਨਾਗਰਿਕ ਕੇਂਦਰਿਤ ਸੇਵਾਵਾਂ ਉਨ੍ਹਾਂ ਦੇ ਦਰ ਉਤੇ ਜਾ ਕੇ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਇਹ ਸਕੀਮ ਐਪ ਜ਼ਰੀਏ ਆਨਲਾਈਨ ਮੁਹੱਈਆ ਹੋਵੇਗੀ ਅਤੇ ਨਾਗਰਿਕਾਂ ਨੂੰ ਸਿਰਫ ਇਕ ਫੋਨ ਕਾਲ ਨਾਲ ਇਸ ਸਕੀਮ ਦਾ ਲਾਭ ਮਿਲੇਗਾ। ਭਗਵੰਤ ਮਾਨ ਨੇ ਕਿਹਾ ਕਿ ਇਸ ਨਾਲ ਨਾਗਰਿਕਾਂ ਨੂੰ ਬਿਨਾਂ ਕਿਸੇ ਪ੍ਰੇਸ਼ਾਨੀ ਤੋਂ ਸੇਵਾਵਾਂ ਹਾਸਲ ਹੋਣਗੀਆਂ।

ਮੁੱਖ ਮੰਤਰੀ ਨੇ ਪੰਜਾਬ ਵਾਸੀਆਂ ਖਾਸ ਕਰਕੇ ਮੀਡੀਆ ਨੂੰ ਸੱਦਾ ਦਿੱਤਾ ਕਿ ਨੌਜਵਾਨਾਂ ਨੂੰ ਭੜਕਾ ਕੇ ਸੂਬੇ ਨੂੰ ਅਸਥਿਰ ਕਰਨ ਦੀਆਂ ਕੋਸ਼ਿਸ਼ਾਂ ਕਰਨ ਵਾਲੇ ਲੋਕਾਂ ਨੂੰ ਮੂੰਹ ਨਾ ਲਾਉਣ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦਾ ਇਕਮਾਤਰ ਉਦੇਸ਼ ਅਮਨ-ਸ਼ਾਂਤੀ, ਵਿਕਾਸ ਤੇ ਖੁਸ਼ਹਾਲੀ ਲਿਆਉਣਾ ਹੈ ਅਤੇ ਇਸ ਮਨੋਰਥ ਨੂੰ ਲੋਕਾਂ ਦੇ ਸਰਗਰਮ ਸਹਿਯੋਗ ਨਾਲ ਪੂਰਾ ਕੀਤਾ ਜਾ ਸਕਦਾ ਹੈ। ਭਗਵੰਤ ਮਾਨ ਨੇ ਕਿਹਾ ਕਿ ਸੂਬੇ ਵਿਚ ਫਿਰਕੂ ਸਦਭਾਵਨਾ ਅਤੇ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕੀਤਾ ਜਾ ਸਕਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਖੇਤੀ ਦੇ ਸਹਾਇਕ ਕਿੱਤਿਆਂ ਨੂੰ ਉਤਸ਼ਾਹਿਤ ਕਰਨ ਵੱਲ ਵਧੇਰੇ ਧਿਆਨ ਦੇ ਰਹੀ ਹੈ ਤਾਂ ਕਿ ਕਿਸਾਨਾਂ ਦੀ ਆਮਦਨ ਵਧਾਈ ਜਾ ਸਕੇ। ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਫੂਡ ਪ੍ਰੋਸੈਸਿੰਗ ਸੈਕਟਰ ਉਤੇ ਜ਼ੋਰ ਦੇ ਰਹੀ ਹੈ ਅਤੇ ਗੰਨਾ, ਲੀਚੀ, ਲਸਣ ਅਤੇ ਕਿੰਨੂ ਸਮੇਤ ਹੋਰ ਫਲਾਂ ਲਈ ਛੇਤੀ ਹੀ ਪ੍ਰੋਸੈਸਿੰਗ ਪਲਾਂਟ ਸਥਾਪਤ ਕਰੇਗੀ। ਇਸੇ ਤਰ੍ਹਾਂ ਉਨ੍ਹਾਂ ਕਿਹਾ ਕਿ ਮਿਲਕਫੈਡ ਰਾਹੀਂ ਦੁੱਧ ਦਾ ਉਤਪਾਦਨ ਵਧਾਉਣ ਉਤੇ ਵੀ ਜ਼ੋਰ ਦਿੱਤਾ ਜਾ ਰਿਹਾ ਹੈ ਤਾਂ ਕਿ ਇਸ ਦਾ ਵਿਸਤਾਰ ਹੋਰ ਸੂਬਿਆਂ ਵਿਚ ਕੀਤਾ ਜਾ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਉਤਪਾਦ ਆਲਮੀ ਪੱਧਰ ਉਤੇ ਖਾਸ ਕਰਕੇ ਪੰਜਾਬੀ ਭਾਈਚਾਰੇ ਵਿਚ ਬਹੁਤ ਪ੍ਰਸਿੱਧ ਹਨ। ਉਨ੍ਹਾਂ ਕਿਹਾ ਕਿ ਸੂਬੇ ਦੇ ਉਤਪਾਦਾਂ ਨੇ ਪੇਂਡੂ ਅਤੇ ਖੇਤਰੀ ਮਾਰਕੀਟ ਤੋਂ ਬਾਅਦ ਘਰੇਲੂ ਅਤੇ ਕੌਮਾਂਤਰੀ ਮਾਰਕੀਟ ਵਿਚ ਵੱਡਾ ਨਾਮਣਾ ਖੱਟਿਆ ਹੈ। ਭਗਵੰਤ ਮਾਨ ਨੇ ਕਿਹਾ ਕਿ ਕਿਸਾਨਾਂ ਨੂੰ ਇਨ੍ਹਾਂ ਵਸਤਾਂ ਦੀ ਪ੍ਰੋਸੈਸਿੰਗ ਰਾਹੀਂ ਹੋਰ ਮੁਨਾਫਾ ਦੇਣ ਦੇ ਯਤਨ ਕੀਤੇ ਜਾ ਰਹੇ ਹਨ।

ਸੂਬਾ ਸਰਕਾਰ ਦੇ ਲੋਕ ਪੱਖੀ ਉਪਰਾਲਿਆਂ ਦਾ ਜ਼ਿਕਰ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ 1 ਜੁਲਾਈ ਤੋਂ ਪ੍ਰਤੀ ਮਹੀਨਾ 300 ਯੂਨਿਟ ਮੁਫ਼ਤ ਬਿਜਲੀ ਦੇਣ ਦੀ ਗਰੰਟੀ ਪੂਰੀ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਹ ਬੜੀ ਸੰਤੁਸ਼ਟੀ ਵਾਲੀ ਗੱਲ ਹੈ ਕਿ ਸੂਬੇ ਦੇ 87 ਫੀਸਦੀ ਘਰਾਂ ਨੂੰ ਬਿਜਲੀ ਦਾ ਬਿੱਲ ਜ਼ੀਰੋ ਆ ਰਿਹਾ ਹੈ। ਭਗਵੰਤ ਮਾਨ ਨੇ ਕਿਹਾ ਕਿ ਉਹ ਖੁਦ ਸਾਧਾਰਨ ਪਰਿਵਾਰ ਤੋਂ ਹਨ ਅਤੇ ਚੰਗੀ ਤਰ੍ਹਾਂ ਜਾਣਦੇ ਹਨ ਕਿ ਉਨ੍ਹਾਂ ਨੂੰ ਕਿਹੜੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਸੂਬੇ ਭਰ ਵਿਚ 500 ਆਮ ਆਦਮੀ ਕਲੀਨਿਕ ਸ਼ੁਰੂ ਕੀਤੇ ਹਨ। ਉਨ੍ਹਾਂ ਕਿਹਾ ਕਿ ਬਿਹਤਰ ਸਿੱਖਿਆ ਮੁਹੱਈਆ ਕਰਵਾਉਣ ਲਈ 'ਸਕੂਲ ਆਫ ਐਮੀਨੈਂਸ' ਸਥਾਪਤ ਕੀਤੇ ਜਾ ਰਹੇ ਹਨ। ਭਗਵੰਤ ਮਾਨ ਨੇ ਕਿਹਾ ਕਿ ਇਹ ਪ੍ਰਗਤੀਸ਼ੀਲ ਪੰਜਾਬ ਦੀ ਨਵੀਂ ਸਵੇਰ ਹੈ ਅਤੇ ਉਹ ਦਿਨ ਦੂਰ ਨਹੀਂ, ਜਦੋਂ ਸੂਬਾ ਸਰਕਾਰ ਦੇ ਨਿਰੰਤਰ ਯਤਨਾਂ ਸਦਕਾ ਪੰਜਾਬ ਹਰੇਕ ਖੇਤਰ ਵਿਚ ਮੁਲਕ ਵਿਚ ਮੋਹਰੀ ਹੋਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਇਹ ਯਕੀਨੀ ਬਣਾਏਗੀ ਕਿ ਆਉਂਦੀਆਂ ਗਰਮੀਆਂ ਅਤੇ ਝੋਨੇ ਦੇ ਸੀਜ਼ਨ ਦੌਰਾਨ ਬਿਜਲੀ ਦੀ ਕੋਈ ਕਮੀ ਨਹੀਂ ਆਵੇਗੀ। ਉਨ੍ਹਾਂ ਕਿਹਾ ਕਿ ਸੂਬੇ ਵਿਚ ਬਿਜਲੀ ਦੇ ਲੰਮੇ ਕੱਟ ਲੱਗਣ ਦੇ ਦਿਨ ਪੁੱਗ ਚੁੱਕੇ ਹਨ ਕਿਉਂਕਿ ਪੰਜਾਬ ਵਾਧੂ ਬਿਜਲੀ ਵਾਲਾ ਸੂਬਾ ਬਣਨ ਵੱਲ ਵਧ ਰਿਹਾ ਹੈ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੇ ਯਤਨਾਂ ਸਦਕਾ ਸੂਬੇ ਵਿਚ ਬਿਜਲੀ ਉਤਪਾਦਨ ਵਿਚ 83 ਫੀਸਦੀ ਦਾ ਵਾਧਾ ਹੋਇਆ ਹੈ। ਇਸ ਮੌਕੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ। ਇਸ ਤੋਂ ਪਹਿਲਾਂ ਪਸ਼ੂ ਪਾਲਣ ਵਿਭਾਗ ਦੇ ਪ੍ਰਮੁੱਖ ਸਕੱਤਰ ਵਿਕਾਸ ਪ੍ਰਤਾਪ ਨੇ ਪਤਵੰਤਿਆਂ ਦਾ ਸਵਾਗਤ ਕੀਤਾ।

# ਮੁੱਖ ਮੰਤਰੀ ਦੀ ਅਗਵਾਈ ਹੇਠ ਕੈਬਨਿਟ ਵੱਲੋਂ ਸਾਲ 2023-24 ਲਈ ਵਿਧਾਨ ਸਭਾ ਵਿੱਚ ਸਾਲਾਨਾ ਵਿੱਤੀ ਸਟੇਟਮੈਂਟ (ਬਜਟ ਅਨੁਮਾਨ) ਪੇਸ਼ ਕਰਨ ਨੂੰ ਮਨਜ਼ੂਰੀ

ਚੰਡੀਗੜ੍ਹ, 28 ਫਰਵਰੀ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਨੇ ਸਾਲ 2023-24 ਲਈ ਪੰਜਾਬ ਸਰਕਾਰ ਦੀ ਸਾਲਾਨਾ ਵਿੱਤੀ ਸਟੇਟਮੈਂਟ (ਬਜਟ ਅਨੁਮਾਨ) ਨੂੰ ਵਿਧਾਨ ਸਭਾ ਦੇ ਆਗਾਮੀ ਸੈਸ਼ਨ ਦੌਰਾਨ ਪੰਜਾਬ ਵਿਧਾਨ ਸਭਾ ਵਿੱਚ ਪੇਸ਼ ਕਰਨ ਦੀ ਮਨਜ਼ੂਰੀ ਦੇ ਦਿੱਤੀ।



ਇਸ ਸਬੰਧੀ ਫੈਸਲਾ ਅੱਜ ਇੱਥੇ ਪੰਜਾਬ ਸਿਵਲ ਸਕੱਤਰੇਤ-1 ਵਿੱਚ ਮੁੱਖ ਮੰਤਰੀ ਦੀ ਅਗਵਾਈ ਹੇਠ ਮੰਤਰੀ ਮੰਡਲ ਦੀ ਹੋਈ ਮੀਟਿੰਗ ਦੌਰਾਨ ਲਿਆ ਗਿਆ।

ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਅੱਜ ਇੱਥੇ ਦੱਸਿਆ ਕਿ ਭਾਰਤੀ ਸੰਵਿਧਾਨ ਦੀ ਧਾਰਾ 202 ਅਤੇ 204 ਦੀ ਕਲਾਜ਼ (1) ਵਿੱਚ ਸ਼ਾਮਲ ਉਪਬੰਧਾਂ ਅਨੁਸਾਰ ਪੰਜਾਬ ਦੇ ਰਾਜਪਾਲ ਦੀ ਸਿਫ਼ਾਰਸ਼ ਤੋਂ ਬਾਅਦ ਸਾਲ 2023-24 ਲਈ ਪੰਜਾਬ ਸਰਕਾਰ ਦੀ ਸਾਲਾਨਾ ਵਿੱਤੀ ਸਟੇਟਮੈਂਟ (ਬਜਟ ਅਨੁਮਾਨ) ਪੰਜਾਬ ਵਿਧਾਨ ਸਭਾ ਵਿੱਚ ਪੇਸ਼ ਕੀਤੀ ਜਾਣੀ ਜ਼ਰੂਰੀ ਹੈ, ਜਿਸ ਲਈ ਮੰਤਰੀ ਮੰਡਲ ਨੇ ਇਸ ਨੂੰ ਆਗਾਮੀ ਵਿਧਾਨ ਸਭਾ ਸੈਸ਼ਨ ਵਿੱਚ ਪੇਸ਼ ਕਰਨ ਦਾ ਫੈਸਲਾ ਲਿਆ ਹੈ।

ਸਾਲ 2022-23 ਲਈ ਪੰਜਾਬ ਸਰਕਾਰ ਦੀਆਂ ਗਰਾਂਟਾਂ ਵਾਸਤੇ ਅਨੁਪੂਰਕ ਮੰਗਾਂ ਪੇਸ਼ ਕਰਨ ਦੀ ਪ੍ਰਵਾਨਗੀ

ਭਾਰਤ ਦੇ ਸੰਵਿਧਾਨ ਦੀ ਧਾਰਾ 203 ਦੀ ਉਪ ਧਾਰਾ (3) ਦੇ ਉਪਬੰਧਾਂ ਅਨੁਸਾਰ ਕੈਬਨਿਟ ਨੇ ਪੰਜਾਬ ਦੇ ਰਾਜਪਾਲ ਦੀਆਂ ਸਿਫ਼ਾਰਸ਼ਾਂ ਤੋਂ ਬਾਅਦ ਪੰਜਾਬ ਸਰਕਾਰ ਦੇ ਸਾਲ 2022-23 ਦੇ ਖਰਚੇ ਲਈ ਗਰਾਂਟਾਂ ਵਾਸਤੇ ਅਨੁਪੂਰਕ ਮੰਗਾਂ ਪੰਜਾਬ ਵਿਧਾਨ ਸਭਾ ਵਿੱਚ ਪੇਸ਼ ਕਰਨ ਦੀ ਮਨਜ਼ੂਰੀ ਦੇ ਦਿੱਤੀ।

ਸਾਲ 2015-16 ਤੋਂ 2018-19 ਤੱਕ ਵਾਧੂ ਖਰਚਿਆਂ ਨੂੰ ਨਿਯਮਤ ਕਰਵਾਉਣ ਲਈ ਸਦਨ ਵਿਚ ਪੇਸ਼ ਕਰਨ ਦੀ ਮਨਜ਼ੂਰੀ

ਮੰਤਰੀ ਮੰਡਲ ਨੇ 2015-16 ਤੋਂ ਸਾਲ 2018- 19 ਤੱਕ ਦੇ ਵਧੀਕ ਖਰਚਿਆਂ ਨੂੰ ਨਿਯਮਤ ਕਰਵਾਉਣ ਲਈ ਵਿਧਾਨ ਸਭਾ ਵਿੱਚ ਪੇਸ਼ ਕਰਨ ਦੀ ਮਨਜ਼ੂਰੀ ਦੇ ਦਿੱਤੀ ਹੈ। ਸੰਵਿਧਾਨ ਦੀ ਧਾਰਾ 205 ਦੀ ਉਪ ਧਾਰਾ (1) (ਬੀ) ਅਤੇ (2) ਦੇ ਅਧੀਨ ਜੇਕਰ ਕਿਸੇ ਵਿੱਤੀ ਸਾਲ ਦੌਰਾਨ ਕਿਸੇ ਵੀ ਸੇਵਾ ਉਤੇ ਕੋਈ ਰਕਮ ਜੋ ਉਸ ਸਾਲ ਸਬੰਧਤ ਸੇਵਾ ਲਈ ਨਿਰਧਾਰਤ ਗ੍ਰਾਂਟ ਤੋਂ ਵੱਧ ਖਰਚ ਕੀਤੀ ਹੋਵੇ, ਨੂੰ ਅਜਿਹੀ ਵਾਧੂ ਰਕਮ ਨੂੰ ਵਿਧਾਨ ਸਭਾ ਵਿਚ ਪੇਸ਼ ਕਰਨਾ ਹੋਵੇਗਾ ਅਤੇ ਇਸ ਲਈ ਉਸ ਤਰ੍ਹਾਂ ਕਾਰਵਾਈ ਕੀਤੇ ਜਾਵੇ, ਜਿਵੇਂ ਕਿ ਇਹ ਕਿਸੇ ਗ੍ਰਾਂਟ ਲਈ ਇਕ ਮੰਗ ਹੋਵੇ। ਵਾਧੂ ਗ੍ਰਾਂਟ ਦੀ ਮੰਗ ਪਿਛਲੇ ਸਾਲਾਂ ਦੌਰਾਨ ਦਿੱਤੀ ਗ੍ਰਾਂਟ ਤੋਂ ਵੱਧ ਕੀਤੇ ਗਏ ਖਰਚੇ ਨੂੰ ਨਿਯਮਤ ਕਰਵਾਉਣ ਲਈ ਪੇਸ਼ ਕੀਤੀ ਜਾਂਦੀ ਹੈ। ਵਾਧੂ ਗ੍ਰਾਂਟ ਦੀ ਮੰਗ ਵਿਧਾਨ ਸਭਾ ਦੇ ਸਾਹਮਣੇ ਪੂਰੇ ਸਾਲ ਦੇ ਖਰਚੇ ਦਾ ਆਡਿਟ ਹੋਣ ਉਪਰੰਤ ਅਤੇ ਭਾਰਤ ਸਰਕਾਰ ਦੇ ਕੰਪਟਰੋਲਰ ਅਤੇ ਆਡਿਟਰ ਜਨਰਲ ਦੇ ਅਧਿਕਾਰੀਆਂ ਵੱਲੋਂ ਨਮਿੱਤਣ ਲੇਖਿਆਂ ਨੂੰ ਸੰਕਲਿਤ ਕਰਨ ਅਤੇ ਲੋਕ ਲੇਖਾ ਕਮੇਟੀ ਵੱਲੋਂ ਵਿਚਾਰਨ ਉਪਰੰਤ ਹੀ ਪੇਸ਼ ਕੀਤੀ ਜਾ ਸਕਦੀ ਹੈ।

ਕੈਗ ਤੇ ਹੋਰ ਰਿਪੋਰਟਾਂ ਨੂੰ ਪੇਸ਼ ਕਰਨ ਲਈ ਹਰੀ ਝੰਡੀ

ਮੰਤਰੀ ਮੰਡਲ ਨੇ ਭਾਰਤ ਦੇ ਸੰਵਿਧਾਨ ਦੀ ਧਾਰਾ 151 ਦੀ ਉਪ ਧਾਰਾ (2) ਦੇ ਉਪਬੰਧਾਂ ਅਨੁਸਾਰ ਭਾਰਤ ਸਰਕਾਰ ਦੇ ਕੰਪਟਰੋਲਰ ਅਤੇ ਆਡੀਟਰ ਜਨਰਲ ਦੀਆਂ ਆਡਿਟ ਰਿਪੋਰਟਾਂ ਅਤੇ ਭਾਰਤ ਦੇ ਲੇਖਾ ਨਿਰੀਖਕ ਅਤੇ ਮਹਾਂ ਲੇਖਾ ਪਰੀਖਕ ਦੀ ਰਿਪੋਰਟ ਨੂੰ ਰਾਜਪਾਲ ਦੀ ਸਿਫਾਰਸ਼ ਉਪਰੰਤ ਪੰਜਾਬ ਵਿਧਾਨ ਸਭਾ ਦੇ ਅਗਾਮੀ ਇਜਲਾਸ ਵਿੱਚ ਸਦਨ ਵਿਚ ਪੇਸ਼ ਕਰਨ ਦੀ ਮਨਜ਼ੂਰੀ ਦੇ ਦਿੱਤੀ ਹੈ। ਇਨ੍ਹਾਂ ਰਿਪੋਰਟਾਂ ਵਿਚ ਪੰਜਾਬ ਵਿੱਚ ਮਹਾਤਮਾ ਗਾਂਧੀ ਰਾਸ਼ਟਰੀ ਪੇਂਡੂ ਰੁਜ਼ਗਾਰ ਗਰੰਟੀ ਸਕੀਮ ਦੇ ਲਾਗੂਕਰਣ ਉੱਤੇ ਕਾਰਗੁਜ਼ਾਰੀ ਲੇਖਾ ਪ੍ਰੀਖਿਆ (ਸਾਲ 2023 ਦੀ ਰਿਪੋਰਟ ਨੰ-1), ਭਾਰਤ ਦੇ ਲੇਖਾ ਨਿਰੀਖਕ ਅਤੇ ਮਹਾਂ ਲੇਖਾ ਪਰੀਖਕ ਦੀ ਰਾਜ ਦੇ ਵਿੱਤਾਂ ਉੱਤੇ ਲੇਖਾ ਪ੍ਰੀਖਿਆ ਰਿਪੋਰਟ 31 ਮਾਰਚ, 2022 ਨੂੰ ਸਮਾਪਤ ਹੋਏ ਸਾਲ ਲਈ (ਸਾਲ 2023 ਦੀ ਰਿਪੋਰਟ ਨੰ-2), ਭਾਰਤ ਦੇ ਲੇਖਾ ਨਿਰੀਖਕ ਅਤੇ ਮਹਾਂ ਲੇਖਾ ਪ੍ਰੀਖਕ ਦੀ ਪਾਲਣ ਲੇਖਾ ਪ੍ਰੀਖਿਆ 'ਤੇ ਰਿਪੋਰਟ, 31 ਮਾਰਚ, 2021 ਨੂੰ ਸਮਾਪਤ ਹੋਏ ਸਾਲ ਲਈ (ਸਾਲ 2022 ਦੀ ਰਿਪੋਰਟ ਨੰਬਰ ਨੰ-3) ਅਤੇ ਸਾਲ 2021-22 ਦੇ ਵਿੱਤੀ ਲੇਖੇ ਅਤੇ ਨਮਿੱਤਣ ਲੇਖੇ ਸ਼ਾਮਲ ਹਨ।

ਉਦਯੋਗ ਵਿਭਾਗ ਦੀ ਸਾਲ 202-21 ਦੀ ਸਾਲਾਨਾ ਪ੍ਰਸ਼ਾਸਕੀ ਰਿਪੋਰਟ ਮਨਜ਼ੂਰ

ਮੰਤਰੀ ਮੰਡਲ ਨੇ ਉਦਯੋਗ ਵਿਭਾਗ ਦੀ ਸਾਲ 2020-21 ਦੀ ਸਾਲਾਨਾ ਪ੍ਰਸ਼ਾਸਕੀ ਰਿਪੋਰਟ ਨੂੰ ਪ੍ਰਵਾਨਗੀ ਦੇ ਦਿੱਤੀ ਹੈ।

# ਸਰਕਾਰੀ ਆਈ.ਟੀ.ਆਈ., ਰੂਪਨਗਰ ਨੇ ਕਲਾਸ ਇੰਡੀਆ ਪ੍ਰਾਈਵੇਟ ਲਿਮਟਿਡ ਨਾਲ ਸਮਝੌਤਾ ਸਹੀਬੱਧ ਕੀਤਾ : ਬੈਂਸ

ਚੰਡੀਗੜ੍ਹ, 28 ਫਰਵਰੀ (ਪੋਸਟ ਬਿਊਰੋ): ਸੂਬੇ ਵਿੱਚ ਤਕਨੀਕੀ ਸਿੱਖਿਆ ਦਾ ਮਿਆਰ ਉੱਚਾ ਚੁੱਕਣ ਲਈ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ (ਆਈ.ਟੀ.ਆਈ.), ਰੂਪਨਗਰ ਨੇ ਕਲਾਸ ਇੰਡੀਆ ਪ੍ਰਾਈਵੇਟ ਲਿਮਟਿਡ ਨਾਲ ਇੱਕ ਸਮਝੌਤਾ ਸਹੀਬੱਧ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਦੂਰਅੰਦੇਸ਼ੀ ਅਗਵਾਈ ਹੇਠ ਵਿਭਾਗ ਪੰਜਾਬ ਵਿੱਚ ਤਕਨੀਕੀ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਵਚਨਬੱਧ ਹੈ।

ਬੈਂਸ ਨੇ ਦੱਸਿਆ ਕਿ ਕਲਾਸ ਇੰਡੀਆ ਪ੍ਰਾਈਵੇਟ ਲਿਮਟਿਡ ਨਾਲ ਸਮਝੌਤਾ ਸਹੀਬੱਧ ਕਰਨ ਨਾਲ ਇਹ ਪਹਿਲਕਦਮੀ ਸਰਕਾਰੀ ਆਈ.ਟੀ.ਆਈ., ਰੂਪਨਗਰ ਵਿੱਚ ਸ਼ੁਰੂ ਕੀਤੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਸਰਕਾਰੀ ਆਈ.ਟੀ.ਆਈ. ਰੂਪਨਗਰ ਨੂੰ ਮਜ਼ਬੂਤ ਅਤੇ ਅਪਗ੍ਰੇਡ ਕਰਨ ਲਈ ਪੰਜਾਬ ਸਰਕਾਰ ਦੀ ਤਰਫੋਂ ਸੀਮਾ ਜੈਨ, ਆਈ.ਏ.ਐਸ., ਏ.ਸੀ.ਐਸ., ਟੀ.ਈ. ਐਂਡ ਆਈ.ਟੀ. ਅਤੇ ਡੀ.ਪੀ.ਐਸ. ਖਰਬੰਦਾ, ਆਈ.ਏ.ਐਸ., ਡਾਇਰੈਕਟਰ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਨੇ ਕਲਾਸ ਇੰਡੀਆ ਪ੍ਰਾਈਵੇਟ ਲਿਮਟਿਡ, ਮੋਰਿੰਡਾ ਨਾਲ ਇਹ ਸਮਝੌਤਾ ਸਹੀਬੱਧ ਕੀਤਾ ਹੈ।

ਕਲਾਸ ਇੰਡੀਆ, ਜਰਮਨੀ ਦੇ ਕਲਾਸ ਸਮੂਹ ਦੀ ਪੂਰੀ ਮਲਕੀਅਤ ਵਾਲੀ ਸਹਾਇਕ ਕੰਪਨੀ ਹੈ ਜਿਸਦਾ ਮੁੱਖ ਦਫਤਰ ਵੈਸਟਫਾਲੀਆ ਸੂਬੇ ਵਿੱਚ ਹਰਸੇਵਿੰਕਲ ਵਿਖੇ ਸਥਿਤ ਹੈ। ਸਾਲ 1991 ਵਿੱਚ ਸ਼ੁਰੂਆਤ ਤੋਂ ਲੈ ਕੇ, ਕਲਾਸ ਇੰਡੀਆ ਵਿਖੇ ਕੰਬਾਈਨ ਹਾਰਵੈਸਟਰਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ ਜੋ ਵਾਢੀ ਦੀਆਂ ਸਥਾਨਕ ਸਥਿਤੀਆਂ ਲਈ ਢੁਕਵੀਆਂ ਹਨ। ਕਲਾਸ ਇੰਡੀਆ ਹਾਰਵੈਸਟਿੰਗ ਕੰਬਾਈਨ ਵਰਕ-ਸ਼ਾਪ, ਉਪਕਰਨ, ਕੰਪਿਊਟਰ ਲੈਬ, ਪਲੇਸਮੈਂਟ ਲੈਬ, ਸਮਾਰਟ ਕਲਾਸਰੂਮ ਸ਼ੁਰੂ ਕਰਨ, ਆਰ.ਓ. ਸਿਸਟਮ ਲਗਾਉਣ, ਸਿਵਲ ਬੁਨਿਆਦੀ ਢਾਂਚੇ ਨੂੰ ਤਿਆਰ ਕਰਨ ਅਤੇ ਹੁਨਰਮੰਦ ਸਿਖਿਆਰਥੀਆਂ ਦੀ ਨਿਯੁਕਤੀ ਲਈ ਪਹਿਲਕਦਮੀਆਂ ਸ਼ੁਰੂ ਕਰੇਗਾ।

ਬੈਂਸ ਨੇ ਦੱਸਿਆ ਕਿ ਇਸ ਨਾਲ ਸਰਕਾਰੀ ਆਈ.ਟੀ.ਆਈ., ਰੂਪਨਗਰ ਦੇ ਸਿਖਿਆਰਥੀਆਂ ਨੂੰ ਆਪਣੇ ਹੁਨਰ ਨਿਖਾਰਨ, ਸਵੈ-ਉੱਦਮਤਾ ਨੂੰ ਉਤਸ਼ਾਹਿਤ ਕਰਨ ਅਤੇ ਬਿਹਤਰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਵਿੱਚ ਸਹਾਇਤਾ ਕਰੇਗਾ। ਇਸ ਸਬੰਧੀ ਦੋਵਾਂ ਧਿਰਾਂ ਨੇ 28.02.2023 ਨੂੰ ਸਮਝੌਤਾ ਸਹੀਬੱਧ ਕੀਤਾ। ਇਸ ਉਪਰੰਤ ਪ੍ਰੋਗਰਾਮ ਨੂੰ ਲਾਗੂ ਕਰਨ ਦੀ ਸ਼ੁਰੂਆਤ ਹੋਵੇਗੀ।



*ਹਰ ਘਰ ਨਲ ਸੇ ਜਲ ਸਕੀਮ 2019 ਵਿੱਚ ਸ਼ੁਰੂ ਕੀਤੀ ਗਈ ਸੀ। ਜਲ ਸ਼ਕਤੀ ਮੰਤਰਾਲੇ ਦੀ ਯੋਜਨਾ ਦਾ ਟੀਚਾ 2024 ਤੱਕ ਹਰ ਪੇਂਡੂ ਘਰ ਵਿੱਚ ਪਾਈਪ ਰਾਹੀਂ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣਾ ਹੈ ਅਤੇ ਇਹ ਸਰਕਾਰ ਦੇ ਜਲ ਜੀਵਨ ਮਿਸ਼ਨ ਦਾ ਇੱਕ ਹਿੱਸਾ ਹੈ। ਇਹ ਸਕੀਮ ਇੱਕ ਵਿਲੱਖਣ ਮਾਡਲ 'ਤੇ ਅਧਾਰਤ ਹੈ, ਜਿੱਥੇ ਪਿੰਡ ਵਾਸੀਆਂ ਦੀਆਂ ਜਲ ਕਮੇਟੀਆਂ (ਜਲ ਸੰਮਤੀ) ਇਹ ਫੈਸਲਾ ਕਰਨਗੀਆਂ ਕਿ ਉਹ ਆਪਣੇ ਖਪਤ ਵਾਲੇ ਪਾਣੀ ਲਈ ਕੀ ਭੁਗਤਾਨ ਕਰਨਗੇ। ਉਹ ਜੋ ਟੈਰਿਫ ਤੈਅ ਕਰਦੇ ਹਨ ਉਹ ਪਿੰਡ ਦੇ ਹਰ ਕਿਸੇ ਲਈ ਇੱਕੋ ਜਿਹਾ ਨਹੀਂ ਹੋਵੇਗਾ। ਵੱਡੇ ਪਰਿਵਾਰਾਂ ਵਾਲੇ ਲੋਕਾਂ ਨੂੰ ਵਧੇਰੇ ਭੁਗਤਾਨ ਕਰਨਾ ਹੋਵੇਗਾ, ਜਦੋਂ ਕਿ ਗਰੀਬ ਪਰਿਵਾਰਾਂ ਜਾਂ ਜਿਨ੍ਹਾਂ ਪਰਿਵਾਰਾਂ ਦਾ ਕੋਈ ਕਮਾਉਣ ਵਾਲਾ ਮੈਂਬਰ ਨਹੀਂ ਹੈ, ਨੂੰ ਛੋਟ ਦਿੱਤੀ ਜਾਵੇਗੀ।*

*-ਪ੍ਰਿਅੰਕਾ ਸੌਰਭ*

# ਟੂਟੀ ਤੋਂ ਪਾਣੀ ਦੀ ਪਹਿਲਕਦਮੀ, ਕੱਲ੍ਹ ਨੂੰ ਸੁਰੱਖਿਅਤ ਬਣਾਓ

ਨੀਤੀ ਆਯੋਗ ਦੁਆਰਾ 2018 ਦੀ ਇੱਕ ਰਿਪੋਰਟ ਦੇ ਅਨੁਸਾਰ, 600 ਮਿਲੀਅਨ ਭਾਰਤੀਆਂ ਨੂੰ ਪਾਣੀ ਦੀ ਬਹੁਤ ਘਾਟ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਹਰ ਸਾਲ ਲਗਭਗ ਦੋ ਲੱਖ ਲੋਕ ਸੁਰੱਖਿਅਤ ਪਾਣੀ ਤੱਕ ਪਹੁੰਚ ਨਾ ਹੋਣ ਕਾਰਨ ਮਰਦੇ ਹਨ। 2030 ਤੱਕ, ਦੇਸ਼ ਦੀ ਪਾਣੀ ਦੀ ਮੰਗ ਉਪਲਬਧ ਸਪਲਾਈ ਨੂੰ ਦੁੱਗਣੀ ਕਰਨ ਦਾ ਅਨੁਮਾਨ ਹੈ, ਜੋ ਲੱਖਾਂ ਲੋਕਾਂ ਲਈ ਪਾਣੀ ਦੀ ਗੰਭੀਰ ਕਮੀ ਅਤੇ ਦੇਸ਼ ਦੇ ਜੀਡੀਪੀ ਨੂੰ ~ 6% ਦਾ ਨੁਕਸਾਨ ਦਰਸਾਉਂਦਾ ਹੈ। ਅਧਿਐਨ ਇਹ ਵੀ ਦਰਸਾਉਂਦੇ ਹਨ ਕਿ 84% ਪੇਂਡੂ ਪਰਿਵਾਰਾਂ ਕੋਲ ਪਾਈਪ ਰਾਹੀਂ ਪਾਣੀ ਦੀ ਪਹੁੰਚ ਨਹੀਂ ਹੈ, ਦੇਸ਼ ਦਾ 70% ਤੋਂ ਵੱਧ ਪਾਣੀ ਦੂਸ਼ਿਤ ਹੈ।

ਜਲ ਜੀਵਨ ਮਿਸ਼ਨ ਨੇ 2024 ਤੱਕ ਫੰਕਸ਼ਨਲ ਹਾਊਸਹੋਲਡ ਟੈਪ ਕਨੈਕਸ਼ਨ () ਰਾਹੀਂ ਹਰੇਕ ਪੇਂਡੂ ਪਰਿਵਾਰ ਨੂੰ ਪ੍ਰਤੀ ਵਿਅਕਤੀ 55 ਲੀਟਰ ਪਾਣੀ ਦੀ ਸਪਲਾਈ ਦੀ ਕਲਪਨਾ ਕੀਤੀ ਹੈ। ਇਹ ਜਲ ਸ਼ਕਤੀ ਮੰਤਰਾਲੇ ਦੇ ਅਧੀਨ ਹੈ। ਇਸਨੂੰ 2019 ਵਿੱਚ ਲਾਂਚ ਕੀਤਾ ਗਿਆ ਸੀ। ਇਹ 2024 ਤੱਕ ਹਰ ਪੇਂਡੂ ਘਰ ਵਿੱਚ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣਾ ਸਰਕਾਰ ਦੇ ਜਲ ਜੀਵਨ ਮਿਸ਼ਨ ਦਾ ਇੱਕ ਹਿੱਸਾ ਹੈ। ਇਹ ਸਕੀਮ ਇੱਕ ਵਿਲੱਖਣ ਮਾਡਲ 'ਤੇ ਅਧਾਰਤ ਹੈ, ਜਿੱਥੇ ਪਿੰਡ ਵਾਸੀਆਂ ਦੀਆਂ ਜਲ ਕਮੇਟੀਆਂ (ਜਲ ਸੰਮਤੀ) ਇਹ ਫੈਸਲਾ ਕਰਨਗੀਆਂ ਕਿ ਉਹ ਆਪਣੇ ਖਪਤ ਵਾਲੇ ਪਾਣੀ ਲਈ ਕੀ ਭੁਗਤਾਨ ਕਰਨਗੇ। ,

ਇਸ ਪਹਿਲਕਦਮੀ ਦਾ ਭਾਰਤ ਵਿੱਚ ਪੇਂਡੂ ਅਤੇ ਸ਼ਹਿਰੀ ਭਾਈਚਾਰਿਆਂ ਉੱਤੇ ਇੱਕ ਮਹੱਤਵਪੂਰਨ ਸਮਾਜਿਕ-ਆਰਥਿਕ ਪ੍ਰਭਾਵ ਹੈ ਕਿਉਂਕਿ ਬਿਹਤਰ ਸਿਹਤ ਲਈ ਸਾਫ਼ ਅਤੇ ਸੁਰੱਖਿਅਤ ਪੀਣ ਵਾਲੇ ਪਾਣੀ ਤੱਕ ਪਹੁੰਚ ਲੋਕਾਂ ਦੀ ਸਿਹਤ ਵਿੱਚ ਮਹੱਤਵਪੂਰਨ ਸੁਧਾਰ ਕਰ ਸਕਦੀ ਹੈ। ਸਹੀ ਸਫ਼ਾਈ ਅਤੇ ਸਾਫ਼ ਪਾਣੀ ਦੀ ਸਪਲਾਈ ਦੀ ਅਣਹੋਂਦ ਵਿੱਚ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਫੈਲ ਸਕਦੀਆਂ ਹਨ। ਟੂਟੀ ਦੇ ਪਾਣੀ ਦੀ ਪਹਿਲਕਦਮੀ ਨਾਲ ਪੀਣ ਵਾਲੇ ਸੁਰੱਖਿਅਤ ਪਾਣੀ ਤੱਕ ਪਹੁੰਚ ਵਿੱਚ ਸੁਧਾਰ ਹੋਵੇਗਾ, ਜਿਸ ਨਾਲ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਦੀਆਂ ਘਟਨਾਵਾਂ ਨੂੰ ਘੱਟ ਕੀਤਾ ਜਾ ਸਕਦਾ ਹੈ। ਸੁਰੱਖਿਅਤ ਪੀਣ ਵਾਲੇ ਪਾਣੀ ਦੀ ਪਹੁੰਚ ਨਾਲ, ਲੋਕ ਉਤਪਾਦਕ ਗਤੀਵਿਧੀਆਂ 'ਤੇ ਜ਼ਿਆਦਾ ਸਮਾਂ ਬਿਤਾ ਸਕਦੇ ਹਨ, ਜਿਵੇਂ ਕਿ ਖੇਤੀ, ਜੋ ਕਿ ਪੇਂਡੂ ਖੇਤਰਾਂ ਦੇ ਬਹੁਤ ਸਾਰੇ ਲੋਕਾਂ ਲਈ ਰੋਜ਼ੀ-ਰੋਟੀ ਦਾ ਮੁੱਖ ਸਰੋਤ ਹੈ। ਇਸ ਨਾਲ ਉਤਪਾਦਕਤਾ ਅਤੇ ਆਰਥਿਕ ਵਿਕਾਸ ਵਿੱਚ ਵਾਧਾ ਹੋ ਸਕਦਾ ਹੈ। ਇਸ ਪਹਿਲਕਦਮੀ ਨਾਲ ਸੁਰੱਖਿਅਤ ਅਤੇ ਸਾਫ਼ ਪੀਣ ਵਾਲਾ ਪਾਣੀ ਮੁਹੱਈਆ ਕਰਵਾ ਕੇ ਪੇਂਡੂ ਘਰਾਂ ਦੀ ਸਿਹਤ ਅਤੇ ਸਫਾਈ ਵਿੱਚ ਸੁਧਾਰ ਦੀ ਉਮੀਦ ਕੀਤੀ ਜਾਂਦੀ ਹੈ, ਜਿਸ ਨਾਲ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਦੀਆਂ ਘਟਨਾਵਾਂ ਨੂੰ ਘਟਾਇਆ ਜਾ ਸਕਦਾ ਹੈ।

ਪਾਈਪ ਰਾਹੀਂ ਪਾਣੀ ਦੀ ਸਪਲਾਈ ਤੱਕ ਪਹੁੰਚ ਪੇਂਡੂ ਪਰਿਵਾਰਾਂ, ਖਾਸ ਕਰਕੇ ਔਰਤਾਂ ਲਈ ਸਮਾਂ ਅਤੇ ਮਿਹਨਤ ਦੀ ਬਚਤ ਕਰੇਗੀ, ਜੋ ਰਵਾਇਤੀ ਤੌਰ 'ਤੇ ਦੂਰ-ਦੁਰਾਡੇ ਸਰੋਤਾਂ ਤੋਂ ਪਾਣੀ ਇਕੱਠਾ ਕਰਨ ਲਈ ਜ਼ਿੰਮੇਵਾਰ ਹਨ। ਸਵੱਛਤਾ ਤੱਕ ਪਹੁੰਚ ਵਿੱਚ ਵਾਧਾ: ਪਹਿਲਕਦਮੀ ਸਵੱਛਤਾ ਸਹੂਲਤਾਂ ਤੱਕ ਪਹੁੰਚ ਨੂੰ ਵੀ ਵਧਾਏਗੀ, ਕਿਉਂਕਿ ਪਾਈਪ ਰਾਹੀਂ ਪਾਣੀ ਦੀ ਸਪਲਾਈ ਘਰੇਲੂ ਪਖਾਨਿਆਂ ਲਈ ਵਰਤੀ ਜਾ ਸਕਦੀ ਹੈ। ਪਹਿਲਕਦਮੀ ਜ਼ਮੀਨੀ ਪਾਣੀ ਦੇ ਸਰੋਤਾਂ 'ਤੇ ਨਿਰਭਰਤਾ ਨੂੰ ਘਟਾਏਗੀ, ਜੋ ਧਰਤੀ ਹੇਠਲੇ ਪਾਣੀ ਦੇ ਸਰੋਤਾਂ ਨੂੰ ਬਚਾਉਣ ਵਿੱਚ ਮਦਦ ਕਰੇਗੀ ਅਤੇ ਸਮੁੱਚੀ ਵਾਤਾਵਰਣ ਸਥਿਰਤਾ ਵਿੱਚ ਯੋਗਦਾਨ ਪਾਵੇਗੀ।

ਨਲ ਸੇ ਜਲ ਪਹਿਲਕਦਮੀ, ਜਿਸਦਾ ਉਦੇਸ਼ 2024 ਤੱਕ ਹਰ ਘਰ ਨੂੰ ਪਾਈਪ ਰਾਹੀਂ ਪਾਣੀ ਸਪਲਾਈ ਕਰਨਾ ਹੈ, ਨੂੰ ਕਈ ਚੁਣੌਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਟੂਟੀ ਦੇ ਪਾਣੀ ਦੀ ਪਹਿਲ ਨੂੰ ਲਾਗੂ ਕਰਨ ਵਿੱਚ ਸਭ ਤੋਂ ਵੱਡੀ ਚੁਣੌਤੀ ਬਹੁਤ ਸਾਰੇ ਖੇਤਰਾਂ ਵਿੱਚ ਬੁਨਿਆਦੀ ਢਾਂਚੇ ਦੀ ਘਾਟ ਹੈ, ਖਾਸ ਕਰਕੇ ਪੇਂਡੂ ਖੇਤਰਾਂ ਵਿੱਚ। ਪਾਈਪ ਵਾਲੇ ਪਾਣੀ ਦੀ ਸਪਲਾਈ ਪ੍ਰਣਾਲੀ ਨੂੰ ਬਣਾਉਣ ਲਈ ਬੁਨਿਆਦੀ ਢਾਂਚੇ ਵਿੱਚ ਮਹੱਤਵਪੂਰਨ ਨਿਵੇਸ਼ ਦੀ ਲੋੜ ਹੁੰਦੀ ਹੈ, ਜਿਸ ਵਿੱਚ ਪਾਈਪ, ਪੰਪ ਅਤੇ ਟ੍ਰੀਟਮੈਂਟ ਪਲਾਂਟ ਸ਼ਾਮਲ ਹੁੰਦੇ ਹਨ। ਪਹਿਲਕਦਮੀ ਲਈ ਲੋੜੀਂਦੇ ਬੁਨਿਆਦੀ ਢਾਂਚੇ ਨੂੰ ਬਣਾਉਣ ਲਈ ਮਹੱਤਵਪੂਰਨ ਫੰਡਿੰਗ ਦੀ ਲੋੜ ਹੁੰਦੀ ਹੈ, ਅਤੇ ਸਰਕਾਰ ਨੂੰ ਪਹਿਲਕਦਮੀ ਲਈ ਲੋੜੀਂਦੇ ਫੰਡ ਪ੍ਰਾਪਤ ਕਰਨ ਵਿੱਚ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

ਪਹਿਲਕਦਮੀ ਦੀ ਸਫਲਤਾ ਸਥਾਨਕ ਪੱਧਰ 'ਤੇ ਯੋਜਨਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਰਾਜਨੀਤਿਕ ਇੱਛਾ ਸ਼ਕਤੀ ਅਤੇ ਪ੍ਰਸ਼ਾਸਨਿਕ ਸਮਰੱਥਾ 'ਤੇ ਵੀ ਨਿਰਭਰ ਕਰਦੀ ਹੈ। ਪਾਣੀ ਦੀ ਸਪਲਾਈ ਦੀ ਗੁਣਵੱਤਾ ਨੂੰ ਯਕੀਨੀ ਬਣਾਉਣਾ ਇੱਕ ਮਹੱਤਵਪੂਰਨ ਚੁਣੌਤੀ ਹੈ, ਕਿਉਂਕਿ ਪਾਣੀ ਦੇ ਸਰੋਤਾਂ ਦੀ ਗੰਦਗੀ ਅਤੇ ਪ੍ਰਦੂਸ਼ਣ ਸਿਹਤ ਲਈ ਜੋਖਮ ਪੈਦਾ ਕਰ ਸਕਦਾ ਹੈ ਅਤੇ ਪਹਿਲਕਦਮੀਆਂ ਦੀ ਪ੍ਰਭਾਵਸ਼ੀਲਤਾ ਨੂੰ ਘਟਾ ਸਕਦਾ ਹੈ। ਪਹਿਲਕਦਮੀ ਦੀ ਸਫਲਤਾ ਪਾਣੀ ਦੀ ਵਰਤੋਂ, ਸੰਭਾਲ ਅਤੇ ਸਵੱਛਤਾ ਅਭਿਆਸਾਂ ਦੇ ਰੂਪ ਵਿੱਚ ਲੋਕਾਂ ਦੇ ਵਿਹਾਰ ਨੂੰ ਬਦਲਣ 'ਤੇ ਵੀ ਨਿਰਭਰ ਕਰਦੀ ਹੈ। ਕੁਝ ਰਾਜਾਂ ਵਿੱਚ ਜਲ ਸਰੋਤਾਂ ਦੀ ਵੰਡ ਨੂੰ ਲੈ ਕੇ ਅੰਤਰ-ਰਾਜੀ ਵਿਵਾਦ ਹੋ ਸਕਦੇ ਹਨ, ਜੋ ਪਹਿਲਕਦਮੀ ਦੀ ਪ੍ਰਗਤੀ ਵਿੱਚ ਰੁਕਾਵਟ ਪਾ ਸਕਦੇ ਹਨ।

ਜਲਵਾਯੂ ਪਰਿਵਰਤਨ ਪਾਣੀ ਦੇ ਸਰੋਤਾਂ ਦੀ ਉਪਲਬਧਤਾ ਨੂੰ ਪ੍ਰਭਾਵਿਤ ਕਰ ਸਕਦਾ ਹੈ, ਅਤੇ ਇਸਲਈ, ਪਹਿਲਕਦਮੀ ਦੀ ਸਥਿਰਤਾ। ਮਿਸ਼ਨ ਪਾਣੀ ਲਈ ਇੱਕ ਭਾਈਚਾਰਕ ਪਹੁੰਚ 'ਤੇ ਅਧਾਰਤ ਹੈ ਅਤੇ ਇਸ ਵਿੱਚ ਮਿਸ਼ਨ ਦੇ ਇੱਕ ਮੁੱਖ ਹਿੱਸੇ ਵਜੋਂ ਵਿਆਪਕ ਜਾਣਕਾਰੀ, ਸਿੱਖਿਆ ਅਤੇ ਸੰਚਾਰ ਸ਼ਾਮਲ ਹਨ। ਜੇਜੇਐਮ ਪਾਣੀ ਲਈ ਇੱਕ ਜਨ ਅੰਦੋਲਨ ਬਣਾਉਣਾ ਚਾਹੁੰਦੀ ਹੈ, ਇਸ ਨੂੰ ਹਰ ਇੱਕ ਦੀ ਪਹਿਲ ਬਣਾਉਂਦੀ ਹੈ। ਕੇਂਦਰ ਅਤੇ ਰਾਜਾਂ ਵਿਚਕਾਰ ਫੰਡ ਸ਼ੇਅਰਿੰਗ ਪੈਟਰਨ ਹਿਮ-ਾਲਿਆ ਅਤੇ ਉੱਤਰ ਪੂਰਬੀ ਰਾਜਾਂ ਲਈ 90:10, ਦੂਜੇ ਰਾਜਾਂ ਲਈ 50:50 ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਲਈ 100% ਹੈ।

ਆਜ਼ਾਦੀ ਦੇ 70 ਸਾਲਾਂ ਬਾਅਦ ਵੀ ਭਾਰਤ ਦੇ ਲਗਭਗ 50% ਲੋਕਾਂ ਕੋਲ ਪੀਣ ਵਾਲਾ ਪਾਣੀ ਨਹੀਂ ਹੈ। ਕੇਂਦਰ ਅਤੇ ਸੂਬਾ ਪੱਧਰ 'ਤੇ ਵੱਖ-ਵੱਖ ਸਰਕਾਰਾਂ ਨੇ ਇਸ ਲਈ ਕੰਮ ਕੀਤਾ ਹੈ, ਪਰ ਅਸਲੀਅਤ ਇਹ ਹੈ ਕਿ ਦੇਸ਼ ਦੇ ਲੋਕਾਂ ਖਾਸ ਕਰਕੇ ਔਰਤਾਂ ਨੂੰ ਪੀਣ ਵਾਲਾ ਪਾਣੀ ਲੈਣ ਲਈ ਮੀਲਾਂ ਦੀ ਪੈਦਲ ਚੱਲਣਾ ਪੈਂਦਾ ਹੈ। ਇਸੇ ਲਈ ਪੀਐਮ ਮੋਦੀ ਨੇ ਲਾਲ ਕਿਲ੍ਹੇ ਤੋਂ ਜਲ ਜੀਵਨ ਮਿਸ਼ਨ ਦਾ ਐਲਾਨ ਕੀਤਾ ਸੀ। ਜਲ ਜੀਵਨ ਮਿਸ਼ਨ ਨੂੰ ਜਲ ਸ਼ਕਤੀ ਮੰਤਰਾਲੇ ਦੁਆਰਾ ਰਾਜਾਂ ਦੀ ਭਾਈਵਾਲੀ ਵਿੱਚ ਲਾਗੂ ਕੀਤਾ ਜਾਂਦਾ ਹੈ। ਇਸ ਦਾ ਉਦੇਸ਼ 2024 ਤੱਕ ਦੇਸ਼ ਦੇ ਹਰ ਪੇਂਡੂ ਪਰਿਵਾਰ ਨੂੰ ਨਿਯਮਤ ਅਤੇ ਲੰਬੇ ਸਮੇਂ ਦੇ ਆਧਾਰ 'ਤੇ ਨਿਰਧਾਰਤ ਗੁਣਵੱਤਾ ਦਾ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣਾ ਹੈ।

ਕੇਂਦਰ ਸਰਕਾਰ ਨੇ ਪ੍ਰਧਾਨ ਮੰਤਰੀ ਜਲ ਜੀਵਨ ਮਿਸ਼ਨ ਤਹਿਤ 3.6 ਲੱਖ ਕਰੋੜ ਰੁਪਏ ਅਲਾਟ ਕੀਤੇ ਹਨ। ਪ੍ਰਧਾਨ ਮੰਤਰੀ ਨੇ ਭਾਰਤ ਨੂੰ ਪੂਰੀ ਤਰ੍ਹਾਂ ਖੁੱਲ੍ਹੇ ਵਿੱਚ ਸ਼ੌਚ ਮੁਕਤ () ਬਣਾਉਣ ਦਾ ਭਰੋਸਾ ਵੀ ਪ੍ਰਗਟਾਇਆ ਹੈ। ਮਿਸ਼ਨ ਸੇਵਾ ਪ੍ਰਦਾਨ ਕਰਨ 'ਤੇ ਕੇਂਦ੍ਰਤ ਕਰਦਾ ਹੈ ਨਾ ਕਿ ਬੁਨਿਆਦੀ ਢਾਂਚੇ ਦੇ ਨਿਰਮ-ਾਣ 'ਤੇ। ਪ੍ਰਧਾਨ ਮੰਤਰੀ ਮੋਦੀ ਨੇ ਵੱਖ-ਵੱਖ ਰਾਜਾਂ, ਪਿੰਡਾਂ ਅਤੇ ਸਥਾਨਕ ਸੰਸਥਾਵਾਂ ਨੂੰ ਇਸ ਪ੍ਰਤੀ ਮਜ਼ਬੂਤ ਮੁ-ਹਿੰਮ ਚਲਾਉਣ ਦਾ ਸਿਹਰਾ ਦਿੱਤਾ ਹੈ। ਨਲ ਸੇ ਜਲ ਪਹਿਲਕਦਮੀ ਦਾ ਟੀਚਾ 2024 ਤੱਕ ਗ੍ਰਾਮੀਣ ਭਾਰਤ ਦੇ ਹਰ ਘਰ ਵਿੱਚ ਪਾਈਪ ਰਾਹੀਂ ਪਾਣੀ ਦੀ ਸਪਲਾਈ ਕਰਨਾ ਹੈ। ਪਹਿਲਕਦਮੀ ਦਾ ਸਮਾਜਿਕ-ਆਰਥਿਕ ਪ੍ਰਭਾਵ ਹੈ, ਅਤੇ ਪਾਣੀ ਅਤੇ ਸੈਨੀਟੇਸ਼ਨ ਤੱਕ ਵਿਆਪਕ ਪਹੁੰਚ ਦੇ ਵੱਡੇ ਟੀਚੇ ਵਿੱਚ ਯੋਗਦਾਨ ਪਾਉਂਦਾ ਹੈ।

NEED A LAWYER ??
KAUR LAW OFFICE
Red Seal NOTARY



MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202



Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

You can (905)793-2202
Place Your Business Here
To Reach Wider Audience
For more info Call 905-793-2202 or e-mail ads@punjabipost.ca

## ਲੜਕੀ ਦੀ ਲੋੜ

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeep-kaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

June 24 1990, Height: 5 feet 7inches, Study: Bachelor of Nursing, Occupation: Registered Nurse (RN) Job: Employed at Brampton Civic Hospital, Boy should be preferably in Ludhiana district and Brampton, Jatt Sikh, No drugs or alcohol, Contact : 647-388-1992

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ 1996/5'-3'', ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

A-One Drivers
TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
- ਮੁਫਤ ਪਿਕਅਪ ਅਤੇ ਡਰਾਪ ਆਫ
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ
ਲੇਡੀਜ਼ ਇੰਸਟ੍ਰਕਟਰ




647-998-7500 ਬਲਵਿੰਦਰ

Visions of Punjab



VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal
Co-Host




Iqbal Mahal
Producer & Host
Serving the South Asian Community Since 1976

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ



ਹਰਜੀਤ ਘਣੋਆ
416.230.4000 • 647.409.1092
www.STARLANEPAINTING.com

ਸੈਲ ਐਡ ਫਿਕਸ



ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਨਿਊਜ਼ੀਲੈਂਡ ’ਚ ਭਾਰਤੀ ਮੂਲ ਦੇ ਦੁਕਾਨਦਾਰ ’ਤੇ ਹਮਲਾ, ਸਿਗਰਟ-ਨਗਦੀ ਲੈ ਕੇ ਮੁਲਜ਼ਮ ਫ਼ਰਾਰ

ਆਕਲੈਂਡ, 28 ਫਰਵਰੀ (ਪੋਸਟ ਬਿਊਰੋ): ਨਿਊਜ਼ੀਲੈਂਡ 'ਚ ਪਿਛਲੇ ਕੁਝ ਮਹੀਨਿਆਂ 'ਚ ਭਾਰਤੀ ਦੁਕਾਨਦਾਰਾਂ ਨੂੰ ਕਈ ਮੌਕਿਆਂ 'ਤੇ ਨਿਸ਼ਾਨਾ ਬਣਾਇਆ ਗਿਆ ਹੈ। ਕਦੇ ਚੋਰੀ ਦੀਆਂ ਵਾਰਦਾਤਾਂ ਹੋ ਚੁੱਕੀਆਂ ਹਨ ਅਤੇ ਕਦੇ ਦੁਕਾਨਦਾਰਾਂ 'ਤੇ ਸਿੱਧੇ ਹਮਲੇ ਵੀ ਹੋਏ ਹਨ। ਆਕਲੈਂਡ 'ਚ ਇਕ ਵਾਰ ਫਿਰ ਚੋਰਾਂ ਨੇ ਉਰੇਸ਼ ਪਟੇਲ ਨਾਂ ਦੇ ਵਿਅਕਤੀ ਦੀ ਦੁਕਾਨ 'ਤੇ ਵਾਰਦਾਤ ਕੀਤੀ ਹੈ। ਉਹ ਉਥੋਂ ਸਿਗਰਟਾਂ ਅਤੇ ਨਕਦੀ ਲੈ ਕੇ ਫਰਾਰ ਹੋ ਗਏ। ਪੁਲੀਸ ਨੇ ਤਿੰਨੋਂ ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ ਹੈ।



ਜਾਣਕਾਰੀ ਲਈ ਦੱਸ ਦੇਈਏ ਕਿ ਸੋਮਵਾਰ ਨੂੰ ਚੋਰ ਉਰੇਸ਼ ਦੀ ਦੁਕਾਨ 'ਚ ਦਾਖਲ ਹੋਏ ਸਨ। ਇਸ ਸਬੰਧੀ ਪਟੇਲ ਨੇ ਦੱਸਿਆ ਕਿ ਤਿੰਨ ਬੱਚੇ ਦੁਕਾਨ ਵਿੱਚ ਦਾਖ਼ਲ ਹੋਏ, ਇੱਕ ਨੇ ਸਿੱਧਾ ਕਾਊਂਟਰ ਵੱਲ ਛਾਲ ਮਾਰ ਦਿੱਤੀ ਅਤੇ ਦੋ ਸਾਥੀਆਂ ਨੇ ਕੈਸ਼ ਰਜਿਸਟਰ ਆਪਣੇ ਹੱਥਾਂ ਵਿੱਚ ਲੈ ਲਿਆ। ਪਟੇਲ ਨੇ ਦੱਸਿਆ ਮੈਂ ਆਪਣੀ ਪਤਨੀ ਅਤੇ ਬੇਟੀ ਨੂੰ ਰੋਂਦੇ ਦੇਖਿਆ। ਬਾਹਰ ਭੱਜ ਕੇ ਉਨ੍ਹਾਂ ਚੋਰਾਂ ਨੂੰ ਫੜਨ ਦੀ ਕੋਸ਼ਿਸ਼ ਕੀਤੀ। ਪਰ ਮੇਰੇ 'ਤੇ ਹਮਲਾ ਕਰਨ ਤੋਂ ਬਾਅਦ ਉਹ ਭੱਜ ਗਏ। ਪੁਲੀਸ ਅਨੁਸਾਰ ਇਸ ਮਾਮਲੇ ਵਿੱਚ ਦੋ ਮੁਲਜ਼ਮ ਪਹਿਲਾਂ ਹੀ ਗ੍ਰਿਫ਼ਤਾਰ ਕੀਤੇ ਜਾ ਚੁੱਕੇ ਹਨ, ਜਦੋਂ ਕਿ ਇੱਕ ਚੋਰ ਨੂੰ ਲੋਕਾਂ ਨੇ ਕਾਬੂ ਕਰ ਲਿਆ ਹੈ। ਹੁਣ ਕਾਰਵਾਈ ਕੀਤੀ ਜਾ ਰਹੀ ਹੈ ਪਰ ਚੋਰੀ ਦੀਆਂ ਇਹ ਘਟਨਾਵਾਂ ਭਾਰਤੀਆਂ ਦੀ ਸੁਰੱਖਿਆ 'ਤੇ ਵੀ ਸਵਾਲ ਖੜ੍ਹੇ ਕਰ ਰਹੀਆਂ ਹਨ।

ਪਿਛਲੇ ਸਾਲ ਦਸੰਬਰ ਵਿੱਚ ਅਜੀਤ ਪਟੇਲ ਨਾਮ ਦੇ ਇੱਕ ਵਿਅਕਤੀ ਉੱਤੇ ਪੰਜ ਨਕਾਬਪੋਸ਼ ਵਿਅਕਤੀਆਂ ਨੇ ਬੇਸਬਾਲ ਬੈਟ ਨਾਲ ਹਮਲਾ ਕੀਤਾ ਸੀ। ਇਸੇ ਮਹੀਨੇ ਸੈਂਡਰਾ ਡੇਅਰੀ ਨਾਂ ਦੀ ਦੁਕਾਨ ਤੋਂ ਕਈ ਸਾਮਾਨ ਚੋਰੀ ਹੋ ਗਿਆ ਸੀ। ਪਿਛਲੇ ਮਹੀਨੇ ਜਨਕ ਪਟੇਲ ਦੀ ਹੱਤਿਆ ਕਰ ਦਿੱਤੀ ਗਈ ਸੀ, ਜਿਸ ਤੋਂ ਬਾਅਦ ਸੜਕਾਂ 'ਤੇ ਕਾਫੀ ਪ੍ਰਦਰਸ਼ਨ ਦੇਖਣ ਨੂੰ ਮਿਲੇ ਸਨ। ਹੁਣ ਇਸੇ ਕੜੀ ਵਿੱਚ ਇੱਕ ਹੋਰ ਚੋਰੀ ਦੀ ਘਟਨਾ ਵਾਪਰੀ ਹੈ। ਸਰਕਾਰ ਦਾਅਵਾ ਕਰ ਰਹੀ ਹੈ ਕਿ ਨਾਗਰਿਕਾਂ ਦੀ ਸੁਰੱਖਿਆ ਲਈ ਕਦਮ ਚੁੱਕੇ ਜਾ ਰਹੇ ਹਨ।

# ਭਾਰਤੀ ਮੂਲ ਦੀ ਜੱਜ ਨੂੰ ਅਮਰੀਕੀ ਜ਼ਿਲ੍ਹਾ ਅਦਾਲਤ ਦੇ ਐਸੋਸੀਏਟ ਜੱਜ ਦੇ ਰੂਪ ਵਿਚ ਕੀਤਾ ਨਿਯੁਕਤ

ਵਾਸ਼ਿੰਗਟਨ, 28 ਫਰਵਰੀ (ਪੋਸਟ ਬਿਊਰੋ): ਭਾਰਤੀ ਮੂਲ ਦੀ ਜੱਜ ਸ਼ਮਾ ਹਕੀਮ ਮੇਸੀਵਾਲਾ ਨੂੰ ਸਰਬਸੰਮਤੀ ਨਾਲ ਅਮਰੀਕੀ ਰਾਜ ਕੈਲੀਫੋਰਨੀਆ ਦੀ ਜ਼ਿਲ੍ਹਾ ਅਦਾਲਤ ਦੀ ਅਪੀਲ ਦੇ ਐਸੋਸੀਏਟ ਜੱਜ ਵਜੋਂ ਨਿਯੁਕਤ ਕੀਤਾ ਗਿਆ ਹੈ। ਕੈਲੀਫੋਰਨੀਆ ਦੀ ਜੁਡੀਸ਼ੀਅਲ ਕੌਂਸਲ ਵੱਲੋਂ ਜਾਰੀ ਪ੍ਰੈਸ ਬਿਆਨ ਅਨੁਸਾਰ, ਮੈਕੀਵਾਲਾ ਦੀ ਕੈਲੀਫੋਰਨੀਆ ਦੇ ਸੈਕਰਾਮੈਂਟੋ ਸ਼ਹਿਰ ਵਿੱਚ ਅਪੀਲ ਦੀ ਤੀਜੀ ਜ਼ਿਲ੍ਹਾ ਅਦਾਲਤ ਦੇ ਐਸੋਸੀਏਟ ਜੱਜ ਵਜੋਂ ਨਿਯੁਕਤੀ ਦੀ ਪੁਸ਼ਟੀ 14 ਫਰਵਰੀ ਨੂੰ ਕੈਲੀਫੋਰਨੀਆ ਦੀ ਸੁਪਰੀਮ ਕੋਰਟ ਦੀ ਚੀਫ਼ ਜਸਟਿਸ ਪੈਟਰੀਸ਼ੀਆ ਗੁਰੇ-ਰੋ ਨੇ ਕੀਤੀ ਸੀ।

ਬਿਆਨ ਵਿੱਚ ਕਿਹਾ ਗਿਆ ਹੈ, "ਜੱਜ ਮੇਸੀਵਾਲਾ ਦੀ ਪੁਸ਼ਟੀ ਤਿੰਨ ਮੈਂਬਰੀ ਕਮਿਸ਼ਨ ਦੀ ਸਰਬਸੰਮਤੀ ਨਾਲ ਕੀਤੀ ਗਈ ਸੀ, ਜਿਸ ਵਿੱਚ ਚੀਫ਼ ਜਸਟਿਸ ਗੁਆਰੇਰੋ (ਚੇਅਰਮੈਨ) ਵੀ ਸ਼ਾਮਲ ਸਨ।" ਉਨ੍ਹਾਂ ਤੋਂ ਇਲਾਵਾ ਕਮਿਸ਼ਨ ਵਿੱਚ ਅਟਾਰਨੀ ਜਨਰਲ ਰੋਬ ਬੋਂਟਾ ਅਤੇ ਕਾਰਜਕਾਰੀ ਪ੍ਰਧਾਨ ਜੱਜ ਰੋਨਾਲਡ ਬੀ ਵੀ ਸ਼ਾਮਲ ਸਨ।

ਕਰੀਬ 50 ਸਾਲਾ ਮਾਸੀਵਾਲਾ ਜਸਟਿਸ ਕੋਲਮੈਨ ਏ ਬਲੇਜ਼ ਦੀ ਸੇਵਾਮੁਕਤੀ ਨਾਲ ਛੱਡੀ ਗਈ ਖਾਲੀ ਥਾਂ ਨੂੰ ਭਰ ਰਹੇ ਹਨ। ਉਨ੍ਹਾਂ ਨੇ 2017 ਤੋਂ ਸੈਕਰਾਮੈਂਟੋ ਕਾਉਂਟੀ ਸੁਪੀਰੀਅਰ ਕੋਰਟ ਦੀ ਜੱਜ ਵਜੋਂ ਸੇਵਾ ਨਿਭਾਈ ਹੈ ਅਤੇ 2017 ਵਿੱਚ ਉੱਥੇ ਕਮਿਸ਼ਨਰ ਸਨ। ਮੇਸੀਵਾਲਾ 2013 ਤੋਂ ਕੈਲੀਫੋਰਨੀਆ ਯੂਨੀਵਰਸਿਟੀ, ਡੇਵਿਸ ਸਕੂਲ ਆਫ਼ ਲਾਅ ਵਿੱਚ ਸਹਾਇਕ ਪ੍ਰੋਫੈਸਰ ਹਨ। ਉਨ੍ਹ ਨੇ 2004 ਤੋਂ 2017 ਤੱਕ ਅਪੀਲਾਂ ਦੀ ਤੀਜੀ ਜ਼ਿਲ੍ਹਾ ਅਦਾਲਤ ਵਿੱਚ ਨਿਆਂਇਕ ਅਟਾਰਨੀ ਵਜੋਂ ਵੀ ਕੰਮ ਕੀਤਾ।



ਉਨ੍ਹਾਂ 1999 ਤੋਂ 2004 ਤੱਕ ਸੈਂਟਰਲ ਕੈਲੀਫੋਰਨੀਆ ਅਪੀਲੀ ਪ੍ਰੋਗਰਾਮ ਵਿੱਚ ਇੱਕ ਸਟਾਫ ਅਟਾਰਨੀ ਅਤੇ 1999 ਵਿੱਚ ਕੈਲੀਫੋਰਨੀਆ ਦੇ ਪੂਰਬੀ ਜ਼ਿਲ੍ਹੇ ਲਈ ਫੈਡਰਲ ਪਬਲਿਕ ਡਿਫੈਂਡਰ ਦੇ ਦਫਤਰ ਵਿੱਚ ਇੱਕ ਅਟਾਰਨੀ ਵਜੋਂ ਵੀ ਕੰਮ ਕੀਤਾ। ਉਨ੍ਹਾਂ ਕੋਲ ਕੈਲੀਫੋਰਨੀਆ ਯੂਨੀਵਰਸਿਟੀ, ਡੇਵਿਸ ਸਕੂਲ ਆਫ਼ ਲਾਅ ਤੋਂ ਜੂਰੀਸ ਡਾਕਟਰ ਦੀ ਡਿਗਰੀ ਹੈ।

# ਉੜੀਸਾ ਵਿਚ ਜਗਤਸਿੰਘਪੁਰ ’ਚ ਪਟਾਕਾ ਯੂਨਿਟ ’ਚ ਧਮਾਕਾ, ਤਿੰਨ ਦੀ ਮੌਤ

ਉੜੀਸਾ, 28 ਫਰਵਰੀ (ਪੋਸਟ ਬਿਊਰੋ): ਉੜੀਸਾ ਦੇ ਜਗਤਸਿੰਘਪੁਰ ਜ਼ਿਲੇ 'ਚ ਮੰਗਲਵਾਰ ਨੂੰ ਪਟਾਕੇ ਬਣਾਉਣ ਵਾਲੀ ਇਕਾਈ 'ਚ ਹੋਏ ਧਮਾਕੇ 'ਚ ਤਿੰਨ ਲੋਕਾਂ ਦੀ ਮੌਤ ਹੋ ਗਈ। ਇਸ ਹਾਦਸੇ 'ਚ ਦੋ ਹੋਰ ਗੰਭੀਰ ਜ਼ਖਮੀ ਹੋ ਗਏ। ਇਹ ਘਟਨਾ ਬਾਲੀਕੁਡਾ ਥਾਣਾ ਖੇਤਰ ਦੇ ਗੋਪਾਲਪੁਰ ਪਿੰਡ ਦੇ ਮਾਧੁਰੀ ਬਾਜ਼ਾਰ 'ਚ ਦੁਪਹਿਰ ਸਮੇਂ ਵਾਪਰੀ। ਯੂਨਿਟ 'ਚ ਅੱਗ ਲੱਗਣ ਤੋਂ ਬਾਅਦ ਧਮਾਕਾ ਹੋਇਆ।



ਪੁਲਿਸ ਨੇ ਦੱਸਿਆ ਕਿ ਧਮਾਕਾ ਇੰਨਾ ਜ਼ਬਰਦਸਤ ਸੀ ਕਿ ਇਸ ਨਾਲ ਘਰ ਦੀ ਅਸਬੈਸਟਸ ਦੀ ਛੱਤ ਟੁੱਟ ਗਈ। ਇਸ ਦੌਰਾਨ ਦੋ ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂਕਿ ਇਕ ਨੇ ਹਸਪਤਾਲ 'ਚ ਦਮ ਤੋੜ ਦਿੱਤਾ। ਦੋ ਜ਼ਖਮੀਆਂ ਨੂੰ ਜ਼ਿਲ੍ਹਾ ਹਸਪਤਾਲ ਲਿਜਾਇਆ ਗਿਆ। ਬਾਅਦ ਵਿੱਚ, ਉਸਦੀ ਹਾਲਤ ਵਿਗੜਨ ਕਾਰਨ, ਉਸਨੂੰ ਕਟਕ ਦੇ ਐਸਸੀਬੀ ਮੈਡੀਕਲ ਕਾਲਜ ਅਤੇ ਹਸਪਤਾਲ ਵਿੱਚ ਭੇਜ ਦਿੱਤਾ ਗਿਆ। ਮ੍ਰਿਤਕਾਂ ਦੀ ਪਛਾਣ ਪਟਾਕਾ ਯੂਨਿਟ ਦੇ ਮਾਲਕ ਸੁਸ਼ਾਂਤ ਕੁਮਾਰ ਪ੍ਰਸਤੀ ਅਤੇ ਉਸ ਦੇ ਕਰਮਚਾਰੀ ਦਿਲੂ ਮੋਹੰਤੀ ਅਤੇ ਬਿੱਲੂ ਦਾਸ ਵਜੋਂ ਹੋਈ ਹੈ।

# ਕਾਰ ’ਚ ਆਏ ਚਾਰ ਬਦਮਾਸ਼, ਲੁੱਟ ਲਈ ਹਰਿਦੁਆਰ ਜਾ ਰਹੀ ਬੱਸ



ਮੇਰਠ, 28 ਫਰਵਰੀ (ਪੋਸਟ ਬਿਊਰੋ): ਮੇਰਠ ਦੇ ਕਿਥੋਰ ਥਾਣਾ ਖੇਤਰ 'ਚ ਕਾਰ ਸਵਾਰ ਬਦਮਾਸ਼ਾਂ ਨੇ ਸੀਤਾਪੁਰ ਤੋਂ ਹਰਿਦੁਆਰ ਜਾ ਰਹੀ ਬੱਸ ਨੂੰ ਲੁੱਟ ਲਿਆ। ਲੁਟੇਰਿਆਂ ਨੇ ਬੱਸ 'ਚ ਬੈਠੀਆਂ ਸਵਾਰੀਆਂ ਤੋਂ ਮੋਬਾਈਲਾਂ ਸਮੇਤ ਕਰੀਬ 20 ਹਜ਼ਾਰ ਰੁਪਏ ਦੀ ਨਕਦੀ ਲੁੱਟ ਲਈ।

ਵਿਰੋਧ ਕਰਨ 'ਤੇ ਉਨ੍ਹਾਂ ਨੇ ਡਰਾਈਵਰ ਅਤੇ ਕੰਡਕਟਰ ਦੀ ਕੁੱਟਮਾਰ ਕੀਤੀ ਅਤੇ ਬੱਸ ਦੀ ਭੰਨਤੋੜ ਕੀਤੀ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਮੌਕੇ 'ਤੇ ਪਹੁੰਚ ਗਈ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ। ਪੁਲਸ ਨੇ ਸਿਰਫ 8 ਘੰਟਿਆਂ 'ਚ ਬਦਮਾਸ਼ਾਂ ਨੂੰ ਫੜ ਲਿਆ।

ਬੱਸ ਡਰਾਈਵਰ ਜ਼ੀਸ਼ਾਨ ਨੇ ਦੱਸਿਆ ਕਿ ਸ਼ਰਾਰਤੀ ਅਨਸਰ ਕਾਰ 'ਚ ਸਵਾਰ ਹੋ ਕੇ ਆਏ ਅਤੇ ਬੱਸ ਨੂੰ ਵਿਚਕਾਰ ਹੀ ਰੋਕ ਕੇ ਲੁੱਟਮਾਰ ਕੀਤੀ। ਇਹ ਬੱਸ ਸੋਮਵਾਰ ਦੇਰ ਰਾਤ ਸੀਤਾਪੁਰ ਤੋਂ ਹਰਿਦੁਆਰ ਜਾ ਰਹੀ ਸੀ। ਰਾਤ ਇੱਕ ਵਜੇ ਦੇ ਕਰੀਬ ਕਾਰ ਸਵਾਰ ਬਦਮਾਸ਼ਾਂ ਨੇ ਕਿਥੋਰ ਇਲਾਕੇ ਦੇ ਪਿੰਡ ਰਾਧਾਨਾ ਨੇੜੇ ਬੱਸ ਨੂੰ ਰੋਕ ਲਿਆ। ਸਵਾਰੀਆਂ ਨਾਲ ਲੜਦੇ ਹੋਏ ਲੁੱਟਿਆ।

ਇਸ ਮਾਮਲੇ ਸਬੰਧੀ ਐਸਪੀ ਦੇਹਟ ਅਨਿਰੁਧ ਸਿੰਘ ਨੇ ਦੱਸਿਆ ਕਿ ਬੱਸ ਵਿੱਚ ਲੁੱਟ ਦੀ ਸੂਚਨਾ ਸੋਮਵਾਰ ਦੇਰ ਰਾਤ ਮਿਲੀ ਸੀ। ਜਿਸ ਤੋਂ ਬਾਅਦ ਬਦਮਾਸ਼ਾਂ ਦੀ ਭਾਲ ਸ਼ੁਰੂ ਕਰ ਦਿੱਤੀ ਗਈ। ਰਾਤ ਨੂੰ ਹੀ ਪੁਲਿਸ ਨੂੰ ਵੱਡੀ ਕਾਮਯਾਬੀ ਮਿਲੀ। ਪੁਲਸ ਨੇ ਬਦਮਾਸ਼ਾਂ ਨੂੰ ਗ੍ਰਿਫਤਾਰ ਕਰ ਲਿਆ ਹੈ।

ਮੁਲਜ਼ਮਾਂ ਦੇ ਕਬਜ਼ੇ ਵਿੱਚੋਂ ਇੱਕ ਮੋਬਾਈਲ ਅਤੇ ਪਰਸ ਬਰਾਮਦ ਹੋਇਆ ਹੈ। ਐਸਪੀ ਦੇਹਤ ਨੇ ਦੱਸਿਆ ਕਿ ਪੁਲੀਸ ਨੇ ਘਟਨਾ ਵਿੱਚ ਵਰਤੀ ਈਕੋ ਕਾਰ ਬਰਾਮਦ ਕਰ ਲਈ ਹੈ ਅਤੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਮਾਪਿਆਂ ਨੇ ਮੋਬਾਈਲ ਨਹੀਂ ਦਿੱਤਾ ਤਾਂ ਦੋ ਵਿਦਿਆਰਥੀਆਂ ਨੇ ਕੀਤੀ ਖੁਦਕੁਸ਼ੀ, ਇੱਕੋ ਦਿਨ ’ਚ ਦੋ ਘਟਨਾਵਾਂ

ਗਾਂਧੀਨਗਰ, 28 ਫਰਵਰੀ (ਪੋਸਟ ਬਿਊਰੋ): ਜੇਕਰ ਤੁਹਾਡਾ ਬੱਚਾ ਮੋਬਾਈਲ ਫ਼ੋਨ ਦਾ ਆਦੀ ਹੈ ਤਾਂ ਇਹ ਖ਼ਬਰ ਤੁਹਾਡੇ ਲਈ ਬਹੁਤ ਜ਼ਰੂਰੀ ਹੈ। ਗੁਜਰਾਤ ਵਿੱਚ ਦੋ ਵੱਖ-ਵੱਖ ਘਟਨਾਵਾਂ ਵਿੱਚ ਮਾਪਿਆਂ ਵੱਲੋਂ ਬੱਚਿਆਂ ਨੂੰ ਮੋਬਾਈਲ ਨਾ ਦਿੱਤੇ ਜਾਣ ਤੋਂ ਗੁੱਸੇ ਵਿੱਚ ਆਏ ਵਿਦਿਆਰਥੀਆਂ ਨੇ ਖੁਦਕੁਸ਼ੀ ਕਰ ਲਈ। ਦੱਸਿਆ ਜਾ ਰਿਹਾ ਹੈ ਕਿ ਮਾਪਿਆਂ ਨੇ ਮੋਬਾਈਲ ਫ਼ੋਨ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਜਿਸ ਤੋਂ ਬਾਅਦ ਸੂਰਤ 'ਚ 9ਵੀਂ ਜਮਾਤ ਦੇ ਵਿਦਿਆਰਥੀ ਅਤੇ ਰਾਜਕੋਟ ਦੇ ਪਿੰਡ 'ਚ 12ਵੀਂ ਜਮਾਤ ਦੀ ਵਿਦਿਆਰਥਣ ਨੇ ਖੁਦਕੁਸ਼ੀ ਕਰ ਲਈ।

ਜਾਣਕਾਰੀ ਮੁਤਾਬਕ ਪਹਿਲੀ ਘਟਨਾ ਸੂਰਤ ਦੇ ਵਰਾਛਾ ਇਲਾਕੇ ਦੀ ਹੈ। ਇੱਥੇ 9ਵੀਂ ਜਮਾਤ ਦੇ ਵਿਦਿਆਰਥੀ ਨੇ ਇੱਕ ਮਹੀਨਾ ਪਹਿਲਾਂ ਆਪਣੇ ਮਾਪਿਆਂ ਤੋਂ ਮੋਬਾਈਲ ਫ਼ੋਨ ਦੀ ਮੰਗ ਕੀਤੀ ਸੀ। ਪਿਤਾ ਨੇ ਇਮਤਿਹਾਨ ਤੋਂ ਬਾਅਦ ਫੋਨ ਲੈਣ ਦੀ ਗੱਲ ਕਹੀ, ਜਦਕਿ ਬੱਚੇ ਨੇ ਜ਼ੋਰ ਦੇ ਕੇ ਕਿਹਾ ਕਿ ਉਸ ਨੂੰ ਤੁਰੰਤ ਮੋਬਾਈਲ ਦਿੱਤਾ ਜਾਵੇ। ਜਦੋਂ ਉਸ ਨੂੰ ਮੋਬਾਈਲ ਨਾ ਦਿੱਤਾ ਗਿਆ ਤਾਂ ਉਸ ਨੇ ਗੁੱਸੇ ਵਿਚ ਆ ਕੇ ਪੱਖੇ ਨਾਲ ਫਾਹਾ ਲੈ ਕੇ ਖੁਦਕੁਸ਼ੀ ਕਰ ਲਈ।



ਦੂਜੀ ਘਟਨਾ ਰਾਜਕੋਟ ਦੇ ਪਿੰਡ ਦੀ ਹੈ। ਇੱਥੇ 12ਵੀਂ ਜਮਾਤ ਦੀ ਵਿਦਿਆਰਥਣ ਨੂੰ ਉਸ ਦੇ ਪਿਤਾ ਨੇ ਮੋਬਾਈਲ ਫ਼ੋਨ ਲੈ ਕੇ ਸਕੂਲ ਜਾਣ ਤੋਂ ਰੋਕਿਆ। ਇਸ ਗੱਲ ਨੂੰ ਲੈ ਕੇ ਪਿਓ-ਧੀ ਵਿਚਾਲੇ ਝਗੜਾ ਹੋ ਗਿਆ। ਪਿਤਾ ਨੇ ਫੋਨ ਨਾ ਦੇਣ 'ਤੇ ਵਿਦਿਆਰਥਣ ਨੇ ਗੁੱਸੇ 'ਚ ਆ ਕੇ ਜ਼ਹਿਰੀਲੀ ਚੀਜ਼ ਖਾ ਕੇ ਖੁਦਕੁਸ਼ੀ ਕਰ ਲਈ। ਦੋਵਾਂ ਘਟਨਾਵਾਂ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਕਾਰਵਾਈ ਕੀਤੀ। ਦੋਵਾਂ ਘਟਨਾਵਾਂ ਵਿੱਚ ਪੁਲੀਸ ਨੇ ਏਡੀਆਰ ਦਰਜ ਕਰਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਇਸ ਮਾਮਲੇ ਸਬੰਧੀ ਮਾਹਿਰਾਂ ਅਤੇ ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮੋਬਾਈਲ ਫ਼ੋਨ ਦੇ ਆਦੀ ਬੱਚਿਆਂ ਦੀ ਕਾਊਂਸਲਿੰਗ ਜ਼ਰੂਰੀ ਹੈ। ਇਸ ਦੇ ਨਾਲ ਹੀ ਬੱਚਿਆਂ ਨੂੰ ਹੋਰ ਖੇਤਰੀ ਗਤੀਵਿਧੀਆਂ ਕਰਨ ਦੀ ਲੋੜ ਹੈ। ਅੱਜਕੱਲ੍ਹ ਛੋਟੇ ਬੱਚੇ ਮੋਬਾਈਲ ਫ਼ੋਨ ਦੇ ਆਦੀ ਹੋ ਰਹੇ ਹਨ। ਉਨ੍ਹਾਂ ਨੂੰ ਮੋਬਾਈਲ ਤੋਂ ਦੂਰ ਰੱਖਣਾ ਮਾਪਿਆਂ ਲਈ ਚੁਣੌਤੀ ਹੈ।

# 1 ਅਪ੍ਰੈਲ ਤੋਂ ਨਰਮਾ ਪੱਟੀ ਵਾਲੇ ਕਿਸਾਨਾਂ ਨੂੰ ਮਿਲੇਗਾ ਨਹਿਰੀ ਪਾਣੀ

## ਮੁੱਖ ਮੰਤਰੀ ਭਗਵੰਤ ਮਾਨ ਨੇ ਸਿੰਚਾਈ ਵਿਭਾਗ ਦੇ ਅਫਸਰਾਂ ਨਾਲ ਮੀਟਿੰਗ ਕਰ ਕੀਤੀ ਸਮੀਖਿਆ

ਚੰਡੀਗੜ੍ਹ, 28 ਫਰਵਰੀ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਪਾਹ ਉਤਪਾਦਕਾਂ ਨੂੰ ਪਹਿਲੀ ਅਪਰੈਲ ਤੋਂ ਨਹਿਰੀ ਪਾਣੀ ਦੀ ਸਪਲਾਈ ਕਰਨ ਲਈ ਸੂਬਾ ਸਰਕਾਰ ਦੀਆਂ ਤਿਆਰੀਆਂ ਦੀ ਸਮੀਖਿਆ ਕੀਤੀ।



ਇੱਥੇ ਆਪਣੇ ਦਫ਼ਤਰ ਵਿੱਚ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਕਿਸਾਨਾਂ ਨੂੰ ਕਪਾਹ ਦੀ ਫ਼ਸਲ ਦੀ ਕਾਸ਼ਤ ਲਈ ਪਹਿਲੀ ਅਪਰੈਲ ਤੋਂ ਨਹਿਰੀ ਪਾਣੀ ਮੁਹੱਈਆ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸੂਬੇ ਦੀ ਕਪਾਹ ਪੱਟੀ ਵਿੱਚ ਨਹਿਰੀ ਪਾਣੀ ਦੀ ਸਪਲਾਈ ਜ਼ਰੂਰ ਯਕੀਨੀ ਬਣਾਈ ਜਾਵੇ ਤਾਂ ਜੋ ਕਪਾਹ ਉਤਪਾਦਕਾਂ ਨੂੰ ਵੱਡੇ ਪੱਧਰ ਉਤੇ ਫਾਇਦਾ ਯਕੀਨੀ ਬਣੇ। ਭਗਵੰਤ ਮਾਨ ਨੇ ਕਿਹਾ ਕਿ ਬਿਜਾਈ ਸੀਜ਼ਨ ਦੌਰਾਨ ਕਪਾਹ ਉਤਪਾਦਕਾਂ ਲਈ ਪਾਣੀ ਮੁਹੱਈਆ ਕਰਨਾ ਸਮੇਂ ਦੀ ਲੋੜ ਹੈ।

ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਬਿਲਕੁੱਲ ਟੇਲਾਂ ਉਤੇ ਪੈਂਦੇ ਪਿੰਡਾਂ ਵਿੱਚ ਵੀ ਕਪਾਹ ਦੀ ਫ਼ਸਲ ਲਈ ਢੁਕਵੀਂ ਮਾਤਰਾ ਵਿੱਚ ਪਾਣੀ ਪੁੱਜਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਹਰੇਕ ਨੂੰ ਆਪਣੀ ਵਾਰੀ ਸਿਰ ਨਹਿਰੀ ਪਾਣੀ ਮਿਲਣਾ ਯਕੀਨੀ ਬਣੇ, ਜਿਸ ਨਾਲ ਪੂਰੀ ਕਪਾਹ ਪੱਟੀ ਨੂੰ ਫਾਇਦਾ ਹੋਵੇਗਾ। ਭਗਵੰਤ ਮਾਨ ਨੇ ਕਿਹਾ ਕਿ ਨਹਿਰੀ ਪਾਣੀ ਦੀ ਚੋਰੀ ਉਤੇ ਨਿਗਰਾਨੀ ਰੱਖਣ ਲਈ ਪੁਲਿਸ ਨੂੰ ਤਾਇਨਾਤ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।

ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਪੂਰੇ ਨਹਿਰੀ ਸਿਸਟਮ ਦੀ ਢੁਕਵੀਂ ਸਫ਼ਾਈ ਵੀ ਯਕੀਨੀ ਬਣਾਉਣ ਲਈ ਆਖਿਆ। ਉਨ੍ਹਾਂ ਕਿਹਾ ਕਿ ਇਹ ਕੰਮ ਪੇਸ਼ੇਵਰ ਢੰਗ ਨਾਲ ਸਮਾਂਬੱਧ ਤਰੀਕੇ ਨਾਲ ਨੇਪਰੇ ਚਾੜ੍ਹਿਆ ਜਾਵੇ। ਉਨ੍ਹਾਂ ਕਿਹਾ ਕਿ ਇਸ ਕੰਮ ਵਿੱਚ ਕੋਈ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਭਗਵੰਤ ਮਾਨ ਨੇ ਕਿਹਾ ਕਿ ਸੂਬੇ ਦੀ ਸਮੁੱਚੀ ਨਹਿਰੀ ਪ੍ਰਣਾਲੀ ਦੀ ਸਫ਼ਾਈ 31 ਮਾਰਚ ਤੱਕ ਜ਼ਰੂਰ ਮੁਕੰਮਲ ਹੋਵੇ ਤਾਂ ਕਿ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਾ ਆਵੇ।

# ਮਨੀਸ਼ ਸਿਸੋਦੀਆ ਅਤੇ ਸਤੇਂਦਰ ਜੈਨ ਨੇ ਦਿੱਲੀ ਕੈਬਨਿਟ ਤੋਂ ਦਿੱਤਾ ਅਸਤੀਫਾ

## *ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਕੀਤਾ ਮਨਜ਼ੂਰ

ਨਵੀਂ ਦਿੱਲੀ,28 ਫਰਵਰੀ (ਪੋਸਟ ਬਿਊਰੋ): ਦਿੱਲੀ ਦੀ ਅਰਵਿੰਦ ਕੇਜਰੀਵਾਲ ਸਰਕਾਰ ਦੇ ਦੋ ਮੰਤਰੀਆਂ ਮਨੀਸ਼ ਸਿਸੋਦੀਆ ਅਤੇ ਸਤੇਂਦਰ ਜੈਨ ਨੇ ਆਪਣੇ ਅਹੁਦਿਆਂ ਤੋਂ ਅਸਤੀਫ਼ਾ ਦੇ ਦਿੱਤਾ ਹੈ। ਜਾਣਕਾਰੀ ਮੁਤਾਬਕ ਮੁੱਖ ਮੰਤਰੀ ਕੇਜਰੀਵਾਲ ਨੇ ਵੀ ਦੋਵਾਂ ਦਾ ਅਸਤੀਫ਼ਾ ਮਨਜ਼ੂਰ ਕਰ ਲਿਆ ਹੈ। ਅਸਤੀਫਾ ਦੇਣ ਵਾਲੇ ਦੋਵੇਂ ਨੇਤਾ ਵੱਖ-ਵੱਖ ਮਾਮਲਿਆਂ 'ਚ ਮੁਲਜ਼ਮ ਹਨ। ਸੀਐੱਮ ਅਰਵਿੰਦ ਕੇਜਰੀਵਾਲ ਤੋਂ ਬਾਅਦ ਮਨੀਸ਼ ਸਿਸੋਦੀਆ ਆਮ ਆਦਮੀ ਪਾਰਟੀ 'ਚ ਸਭ ਤੋਂ ਵੱਡੇ ਨੇਤਾ ਸਨ। ਉਨ੍ਹਾਂ ਕੋਲ ਦਿੱਲੀ ਸਰਕਾਰ ਦੇ ਕੁੱਲ 33 ਵਿਭਾਗਾਂ ਵਿੱਚੋਂ 18 ਵਿਭਾਗ ਹਨ।



ਸਿਸੋਦੀਆ ਕੋਲ ਸਿੱਖਿਆ, ਲੋਕ ਨਿਰਮਾਣ, ਵਿੱਤ, ਆਬਕਾਰੀ, ਊਰਜਾ, ਪਾਣੀ, ਸਿਹਤ ਵਰਗੇ ਸਭ ਤੋਂ ਮਹੱਤਵਪੂਰਨ ਵਿਭਾਗ ਸਨ। ਜਦੋਂਕਿ ਸਤੇਂਦਰ ਜੈਨ 9 ਮਹੀਨਿਆਂ ਤੋਂ ਤਿਹਾੜ ਜੇਲ੍ਹ ਵਿੱਚ ਹਨ। ਜੈਨ 'ਤੇ ਮਨੀ ਲਾਂਡਰਿੰਗ ਦਾ ਦੋਸ਼ ਹੈ। ਸਿਸੋਦੀਆ ਆਪਣੇ ਵਿਭਾਗਾਂ ਦੇ ਨਾਲ-ਨਾਲ ਸਤੇਂਦਰ ਜੈਨ ਦੇ ਵਿਭਾਗਾਂ ਦਾ ਕੰਮ ਵੀ ਦੇਖ ਰਹੇ ਸਨ। ਦੱਸ ਦਈਏ ਕਿ ਆਬਕਾਰੀ ਨੀਤੀ 'ਤੇ ਸਵਾਲ ਚੁੱਕਣ ਤੋਂ ਬਾਅਦ ਸੀਬੀਆਈ ਨੇ ਐਤਵਾਰ ਨੂੰ ਸਿਸੋਦੀਆ ਨੂੰ ਗ੍ਰਿਫਤਾਰ ਕੀਤਾ ਸੀ। ਬਾਅਦ 'ਚ ਸੀਬੀਆਈ ਅਦਾਲਤ ਨੇ ਉਨ੍ਹਾਂ ਨੂੰ 4 ਮਾਰਚ ਤੱਕ ਰਿਮਾਂਡ 'ਤੇ ਭੇਜ ਦਿੱਤਾ।

# ਕਮਿਸ਼ਨਰੇਟ ਪੁਲਿਸ ਲੁਧਿਆਣਾ ਨੇ ਦੋਹਰੇ ਕਤਲ ਕਾਂਡ ਦੀ ਗੁੱਥੀ ਸੁਲਝਾਈ

## ਮੁਲਜ਼ਮ ਹਰਿਦੁਆਰ ਹਰ ਕੀ ਪੌੜੀ ਤੋਂ ਕੀਤਾ ਕਾਬੂ, ਵਾਰਦਾਤ 'ਚ ਵਰਤਿਆ ਦਾਤਰ ਲੋਹਾ ਵੀ ਬਰਾਮਦ

ਲੁਧਿਆਣਾ, 28 ਫਰਵਰੀ (ਗਿਆਨ ਸਿੰਘ): ਕਮਿਸ਼ਨਰੇਟ ਪੁਲਿਸ ਲੁਧਿਆਣਾ ਨੂੰ ਦੋਹਰੇ ਕਤਲ ਕਾਂਡ ਨੂੰ ਸੁਲਝਾਉਣ ਅਤੇ ਦੋਸ਼ੀ ਨੂੰ ਫੜ੍ਹਨ ਵਿੱਚ ਕਾਮਯਾਬੀ ਮਿਲੀ ਹੈ। ਮੁਲਜ਼ਮ ਗਿਰਧਾਰੀ ਲਾਲ ਨੂੰ ਹਰਦੁਆਰ ਹਰ ਕੀ ਪੌੜੀ ਤੋਂ ਗ੍ਰਿਫਤਾਰ ਕੀਤਾ ਗਿਆ ਅਤੇ ਵਾਰਦਾਤ ਵਿੱਚ ਵਰਤਿਆ ਲੋਹੇ ਦਾ ਦਾਤਰ ਵੀ ਬ੍ਰਾਮਦ ਕਰ ਲਿਆ ਗਿਆ ਹੈ।



ਮਿਤੀ 26-02-2023 ਨੂੰ ਇੰਸਪੈਕਟਰ ਗੁਰਪ੍ਰੀਤ ਸਿੰਘ, ਮੁੱਖ ਅਫਸਰ ਥਾਣਾ ਸਦਰ, ਲੁਧਿਆਣਾ ਨੂੰ ਇਤਲਾਹ ਮਿਲੀ ਕਿ ਜੋਤ ਡੇਅਰੀ ਫਾਰਮ, ਸੂਆ ਰੋਡ ਪਿੰਡ ਬੁਲਾਰਾ ਵਿਖੇ ਇਕ ਵਿਅਕਤੀ ਨੇ ਦੋ ਵਿਅਕਤੀਆਂ ਦਾ ਕਤਲ ਕਰ ਦਿੱਤਾ ਹੈ, ਜਿਸਤੇ ਮੁੱਖ ਅਫਸਰ ਥਾਣਾ ਸਦਰ, ਲੁਧਿਆਣਾ ਇੰਸਪੈਕਟਰ ਗੁਰਪ੍ਰੀਤ ਸਿੰਘ ਸਮੇਤ ਅਮਲੇ ਦੇ ਮੌਕਾ ਪਰ ਪੁੱਜੇ, ਜਿਥੇ ਮੌਕਾ ਪਰ ਪੁੱਛ ਪੜਤਾਲ ਕਰਨ ਤੇ ਪਾਇਆ ਗਿਆ ਕਿ ਇਕ ਮ੍ਰਿਤਕ ਜੋਤ ਡੇਅਰੀ ਫਾਰਮ ਦਾ ਮਾਲਕ ਹੈ, ਜਿਸਦਾ ਨਾਮ ਜੋਤ ਰਾਮ ਪੁੱਤਰ ਪ੍ਰਿਥੀ ਚੰਦ, ਉਮਰ 77 ਸਾਲ ਵਾਸੀ ਮਕਾਨ ਨੰਬਰ 1, ਗਲੀ ਨੰਬਰ 3, ਸ਼ਹੀਦ ਬਾਬਾ ਦੀਪ ਸਿੰਘ ਨਗਰ, ਧਾਂਦਰਾ ਰੋਡ, ਲੁਧਿਆਣਾ ਅਤੇ ਦੂਜੇ ਮ੍ਰਿਤਕ ਦਾ ਨਾਮ ਭਗਵੰਤ ਸਿੰਘ ਪੁੱਤਰ ਕਿਸ਼ਨ ਦੇਵ ਉਮਰ 65 ਸਾਲ, ਵਾਸੀ ਮਕਾਨ ਨੰਬਰ 233, ਗਲੀ ਨੰਬਰ 1, ਗੁਰੂ ਨਾਨਕ ਨਗਰ, ਡਾਬਾ ਲੋਹਾਰਾ ਰੋਡ, ਲੁਧਿਆਣਾ ਦਾ ਹੈ। ਜੋ ਇਹਨਾਂ ਦੋਵਾਂ ਦਾ ਕਤਲ ਡੇਅਰੀ ਵਿਚ ਰੱਖੇ ਇਕ ਨੌਕਰ ਗਿਰਧਾਰੀ ਲਾਲ ਪੁੱਤਰ ਰਾਮ ਲਖਣ ਵਾਸੀ ਪਿੰਡ ਡੇਵਾ, ਜਿਲਾ ਬਸਤੀ ਉਤਰ ਪ੍ਰਦੇਸ਼ ਕਰਕੇ ਫਰਾਰ ਹੋ ਗਿਆ। ਮੌਕਾ ਪਰ ਮ੍ਰਿਤਕ ਜੋਤ ਰਾਮ ਦੇ ਲੜਕੇ ਤਰਸੇਮ ਪਾਲ ਦੇ ਬਿਆਨ ਪਰ ਗਿਰਧਾਰੀ ਲਾਲ ਉਕਤ ਦੇ ਖਿਲਾਫ ਮੁਕੱਦਮਾ ਨੰਬਰ 29 ਮਿਤੀ 26-02-2023 ਅਧੀਨ ਧਾਰਾ 302 ਭ:ਦੰਡ, ਥਾਣਾ ਸਦਰ, ਲੁਧਿਆਣਾ ਦਰਜ ਰਜਿਸਟਰ ਕੀਤਾ ਗਿਆ।

ਮੁਕੱਦਮਾ ਉਕਤ ਦੇ ਕਾਤਲ ਗਿਰਧਾਰੀ ਲਾਲ ਨੂੰ ਗ੍ਰਿਫਤਾਰ ਕਰਨ ਲਈ ਕਮਿਸ਼ਨਰ ਪੁਲਿਸ, ਲੁਧਿਆਣਾ, ਜੁਆਇੰਟ ਕਮਿਸ਼ਨਰ ਪੁਲਿਸ, ਦਿਹਾਤੀ, ਲੁਧਿਆਣਾ ਦੀਆਂ ਹਦਾਇਤਾਂ ਅਨੁਸਾਰ ਵਧੀਕ ਡਿਪਟੀ ਕਮਿਸ਼ਨਰ ਪੁਲਿਸ, ਜ਼ੋਨ-2, ਲੁਧਿਆਣਾ ਦੀ ਨਿਗਰਾਨੀ ਹੇਠ ਟੀਮਾਂ ਤਿਆਰ ਕੀਤੀਆ ਗਈਆਂ। ਮੁਲਜ਼ਮ ਨੂੰ ਟਰੇਸ ਕਰਨ ਵਿਚ ਕਈ ਚੁਣੋਤੀਆ ਦਾ ਸਾਹਮਣਾ ਕਰਨ ਦੇ ਬਾਵਜੂਦ, ਜਿਸ ਵਿਚ ਉਸਦੇ ਪਿਛਲੇ ਅਪਰਾਧਿਕ ਰਿਕਾਰਡ, ਪਰਿਵਾਰ ਦਾ ਘਾਟ ਅਤੇ ਮੋਬਾਇਲ ਫੋਨ ਨਾ ਹੋਣਾ ਸ਼ਾਮਲ ਸੀ। ਲੁਧਿਆਣਾ ਪੁਲਿਸ ਨੇ ਦੌਰਾਨੇ ਤਫਤੀਸ਼ ਮੌਕਾ ਵਕੂਆ ਤੋਂ ਸੀ.ਸੀ.ਟੀ.ਵੀ ਫੁਟੇਜ਼ ਚੈਕ ਕਰਨ ਤੇ ਪਤਾ ਲੱਗਾ ਕਿ ਦੋਸ਼ੀ ਗਿਰਧਾਰੀ ਲਾਲ ਰੇਲਵੇ ਸਟੇਸ਼ਨ ਨੇੜੇ ਆਟੋ ਰਿਕਸ਼ਾ ਤੇ ਸਵਾਰ ਹੋ ਕੇ ਸ਼ੇਰਪੁਰ ਚੌਕ ਤੋਂ ਬੱਸ ਵਿਚ ਸਵਾਰ ਹੋ ਗਿਆ, ਜੋ ਅੰਬਾਲਾ ਵੱਲ ਜਾ ਰਹੀ ਸੀ। ਪੁਲਿਸ ਟੀਮਾਂ ਨੇ ਹਰਿਆਣਾ ਰੋਡਵੇਜ਼ ਨਾਲ ਮਿਲਕੇ ਬੱਸ ਨੂੰ ਟਰੈਕ ਕਰਨ ਦਾ ਕੰਮ ਕੀਤਾ ਤਾਂ ਪਾਇਆ ਗਿਆ ਕਿ ਦੋਸ਼ੀ ਗਿਰਧਾਰੀ ਲਾਲ ਅੰਬਾਲਾ ਬੱਸ ਸਟੈਂਡ ਤੇ ਉਤਰ ਗਿਆ ਸੀ। ਹੋਰ ਡੂੰਘਾਈ ਨਾਲ ਜਾਂਚ ਕਰਨ ਤੇ ਪਤਾ ਲੱਗਾ ਕਿ ਦੋਸ਼ੀ ਯਮੁਨਾ ਨਗਰ ਵੱਲ ਜਾ ਰਹੀ ਇਕ ਹੋਰ ਬੱਸ ਵਿਚ ਸਵਾਰ ਹੋ ਕੇ ਜਗਾਧਰੀ ਵਿਖੇ ਚੜ੍ਹ ਗਿਆ ਸੀ। ਬੱਸ ਸਟੈਂਡ 'ਤੇ ਸੀ.ਸੀ.ਟੀ.ਵੀ ਕੈਮਰੇ ਨਾ ਹੋਣ ਦੇ ਬਾਵਜੂਦ ਪੁਲਿਸ ਟੀਮਾਂ ਨੇ ਆਪਣੀਆਂ ਕੋਸ਼ਿਸ਼ਾਂ ਜਾਰੀ ਰੱਖੀਆਂ। ਸਥਾਨਕ ਲੋਕਾਂ ਦੀ ਪੁੱਛਗਿਛ ਅਤੇ ਇਕ ਦੁਕਾਨਦਾਰ ਨੂੰ ਲੱਭ ਲਿਆ, ਜਿਸਨੇ ਗਿਰਧਾਰੀ ਲਾਲ ਨੂੰ ਰੇਲਵੇ ਸਟੇਸ਼ਨ ਦੇ ਆਲੇ ਦੁਆਲੇ ਘੁੰਮਦੇ ਦੇਖਿਆ ਸੀ। ਪੁਲਿਸ ਟੀਮਾਂ ਨੇ ਸਟੇਸ਼ਨ ਮਾਸਟਰ ਅਤੇ ਸਥਾਨਕ ਡਰਾਈਵਰਾਂ ਪਾਸੋਂ ਵੀ ਡੂੰਘਾਈ ਨਾਲ ਪੁੱਛਗਿਛ ਕੀਤੀ ਅਤੇ ਪਤਾ ਲੱਗਾ ਕਿ ਦੋਸ਼ੀ ਜ਼ਿਲ੍ਹਾ ਹਰਦੁਆਰਾ (ਉਤਰਾਖੰਡ) ਵੱਲ ਨੂੰ ਭੱਜ ਗਿਆ ਹੈ।


ਜਿਸ 'ਤੇ ਇੰਸਪੈਕਟਰ ਸੁਖਦੇਵ ਸਿੰਘ, ਮੁੱਖ ਅਫਸਰ ਥਾਣਾ ਸਾਹਨੇਵਾਲ, ਲੁਧਿਆਣਾ ਅਤੇ ਇੰਸਪੈਕਟਰ ਗੁਰਪ੍ਰੀਤ ਸਿੰਘ, ਮੁੱਖ ਅਫਸਰ ਥਾਣਾ ਸਦਰ, ਲੁਧਿਆਣਾ ਵੱਲੋਂ ਦੋਸ਼ੀ ਦਾ ਪਿੱਛਾ ਕਰਦੇ ਹੋਏ ਮਿਤੀ 27-02-2023 ਨੂੰ ਮੁਕੱਦਮਾ ਹਜਾ ਦੇ ਦੋਸ਼ੀ ਗਿਰਧਾਰੀ ਲਾਲ ਉਕਤ ਨੂੰ ਹਰਦੁਆਰ ਹਰ ਕੀ ਪੌੜੀ, ਨੇੜੇ ਮਨਸ਼ਾ ਦੇਵੀ ਦੇ ਮੰਦਰ ਤੋਂ ਗ੍ਰਿਫਤਾਰ ਕਰਨ ਵਿਚ ਕਾਮਯਾਬੀ ਹਾਸਲ ਕੀਤੀ ਅਤੇ ਦੋਸ਼ੀ ਪਾਸੋਂ ਵਾਰਦਾਤ ਵਿਚ ਵਰਤਿਆ ਦਾਤਰ ਲੋਹਾ ਵੀ ਬਰਾਮਦ ਕਰਨ ਵਿੱਚ ਕਾਮਯਾਬ ਹੋਏ।







HURRY UP
LIMITED
TIME OFFER
DEALS LIKE NEVER BEFORE
OURR PRICES ARE THE BEST
BEST DEALS ON
LUXURY KITCHEN
APPLIANCES
WE CARRY ALL MAJOR BRANDS
UNBOXED UNITS
&
NEW IN BOX UNITS
AVAILABLE
100% CUSTOMER
SATISFACTION
DELIVERY AVAILABLE
*CONDITIONS APPLY
PRICE BEAT GUARANTEE
*CONDITIONS APPLY
USE THE PROMO CODE TO GET
DISCOUNT
PROMO CODE - (COURR-2302FLYER)
WE ARE AN AUTHORIZED DEALER FOR ALL MAJOR
BRANDS!
UNIT #1, 241 CLARENCE ST BRAMPTON, ON L6W 3E7 (416) 551 3343
44 FASKEN DR. #2-9 ETOBICKOKE, ON M9W 5M8 (416) 792-0877
UNIT #6 410 LEWIS RD, STONEY CREEK, ON L8E 5Y7 (905) 643 0818
UNIT #4 -1540 FANSHAWE PARK ROAD WEST LONDON, ON N6H 5L8 (519) 641-1010
5781 HIGHWAY 7 UNIT 10, VAUGHAN, ON L4L 178 (416) 477 5556
1050 SPEERS ROAD, OAKVILLE, ON, L6L 2X4 (416) 613 0555
416-551-5553
WWW.OURRHOMEAPPLIANCES.COM


Dr. Randhawa
Dentistry
Your own dentist who really cares for you
We Provide the following Services:
• Dental Crowns, Veneers & Bridges
• Dental Fillings & Gum Treatment
• Root Canal (RCT), Dentures, Extraction
• Kids Dentistry
• Wisdom Tooth Surgery
• Invisalign (Invisible Braces)
• Digital X-Rays System
• Teeth Cleaning & Whitening
• Cosmetic Dental Treatment
Dr. Samreet Kaur Randhawa
General Family Dentist
New Patients welcome
Deal Directly with all Insurance Companies
• ਸੀਨੀਅਰ ਡਿਸਕਾਊਂਟ
• ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
• ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ
NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111
INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!
FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044
Mayfield Rd
Mcvean Dr
DENTISTRY
Squire Ellis Dr
Gore Rd
Countryside Dr


Grand Upholstery Ltd
Sofa Company Originality in Every Piece
Special on Sale
ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com


ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas
SERVING FROM ALL LOCATIONS IN GTA AREA:
10 Westmore Drive Etobicoke ON M9V-3Z7 416-740-3262
21 Lacoste Blvd, Brampton, ON L6P 2K2 905 794-8109
621 Wanless drive, # 122 Brampton ON L7A 0A9 905-495-3336
1075 Ceremonial Drive Mississauga ON L5R 2Z4 905-502-1600
80 Pertosa Drive Brampton ON L5X-5E9 905-460-0009
10510 Torbram Road, Brampton 905-790-0030
2120 North park Drive Brampton ON L6S 0C9 905-793-1338
10 Pannahill Dr, Brampton 905 913-8017